ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 20 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੭ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਰਾਜ਼ੀਨਾਵਾਂ ਕਰਵਾਉਣ ਗਏ ਨੌਜਵਾਨ ਨੂੰ ਮਿਲੀ ਮੌਤ

**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਡਰਮਾ ਵਾਲੇ ਬਜਾਰ ਗੁਰਨਾਮ ਨਗਰ ਇਕ ਅਜਿਹਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿਚ ਕਿਸੇ ਝਗੜੇ ਦਾ ਰਾਜ਼ੀਨਾਮਾ ਕਰਵਾਉਣ ਗਏ ਸਾਬੂ ਨਾਮ ਦੇ ਨੌਜਵਾਨ ਅਤੇ ਉਸਦੇ ਸਾਥੀਆਂ ਉਪਰ ਤਾਬੜਤੋੜ ਗੋਲੀਆਂ ਚਲਾ ਕੇ ਉਸਦਾ ਕਤਲ ਕੀਤਾ ਗਿਆ ਹੈ ਅਤੇ ਉਸਦੇ ਚਾਰ ਸਾਥੀ ਬੁਰੀ ਤਰਾਂ ਨਾਲ ਜ਼ਖ਼ਮੀ ਹੋਏ ਹਨ, ਜਿਸਦੇ ਚਲਦੇ ਪਰਿਵਾਰ ਮੈਂਬਰਾਂ ਵਿਚ ਕਾਫੀ ਰੋਸ ਦਾ ਮਾਹੌਲ ਹੈ ਅਤੇ ਉਹਨਾਂ ਵੱਲੋਂ ਆਰੋਪੀਆਂ ਉਪਰ ਕਾਰਵਾਈ ਦੀ ਮੰਗ ਕੀਤੀ ਹੈ। ਖ਼ਬਰਾਂ ਪ੍ਰਸਾਰਣ ਸੇਵਾ ਇਸ ਸਬੰਧੀ ਗੱਲਬਾਤ ਕਰਦਿਆਂ ਮ੍ਰਿਤਕ ਦੇ ਭਰਾ ਲਖਬੀਰ ਅਤੇ ਇਲਾਕਾ ਨਿਵਾਸੀਆ ਨੇ ਦੱਸਿਆ ਕਿ ਉਹਨਾਂ ਦੇ ਭਰਾ ਸਾਬੂ ਨੂੰ ਕੁਝ ਸਾਥੀ ਘਰੋਂ ਝਗੜੇ ਦਾ ਰਾਜ਼ੀਨਾਮਾ ਕਰਵਾਉਣ ਲਈ ਲੈ ਕੇ ਗਏ ਸਨ ਪਰ ਅਗੇ ਕੁਝ ਨੌਜਵਾਨਾਂ ਵੱਲੋਂ ਤਾਬੜਤੋੜ ਗੋਲੀਆਂ ਚਲਾ ਸਾਬੂ ਦਾ ਕਤਲ ਕਰ ਦਿਤਾ ਅਤੇ ਉਸਦੇ ਚਾਰ ਸਾਥੀ ਬੁਰੀ ਤਰਾਂ ਨਾਲ ਜਖ਼ਮੀ ਹੋਏ ਹਨ, ਜਿਨ੍ਹਾਂ ਨੂੰ ਵੱਖ-ਵੱਖ ਹਸਪਤਾਲਾਂ ਵਿਚ ਭਰਤੀ ਕਰਵਾਇਆ ਗਿਆ ਹੈ। ਇਥੇ ਉਹਨਾਂ ਪੁਲਿਸ ਅਤੇ ਪ੍ਰਸ਼ਾਸ਼ਨ ਨੂੰ ਚੇਤਾਵਨੀ ਵੀ ਦਿੱਤੀ ਹੈ ਕਿ ਸਾਡਾ ਭਰਾ ਬੇਕਸੂਰ ਸੀ ਅਤੇ ਘਰ ਵਿਚ ਇਕੱਲਾ ਕਮਾਉਣ ਵਾਲਾ ਸੀ, ਜਦੋਂ ਤਕ ਉਸਦੇ ਕਾਤਲਾਂ ਨੂੰ ਸਜਾ ਨਹੀਂ ਮਿਲਦੀ, ਉਦੋਂ ਤਕ ਅਸੀ ਸੰਸਕਾਰ ਨਹੀ ਕਰਾਂਗੇ ਅਤੇ ਸੜਕਾ ਤੇ ਉਤਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਫਿਲਹਾਲ ਥਾਣਾ ਬੀ ਡਵੀਜ਼ਨ ਦੇ ਐਸਐਚਓ ਦਾ ਕਹਿਣਾ ਹੈ ਕਿ ਮੌਕੇ 'ਤੇ ਪਹੁੰਚ ਜਾਂਚ ਕਰ ਰਹੇ ਹਾਂ ਜਲਦ ਜਾਂਚ ਪੂਰੀ ਹੋਣ ਦੇ ਜਾਣਕਾਰੀ ਦਿੱਤੀ ਜਾਵੇਗੀ ਅਤੇ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

## ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਲਾਈ ਮੋਹਰ

# ਬੇਅਦਬੀ ਖਿਲਾਫ਼ ਬਿੱਲ ਬਣਿਆ ਕਾਨੂੰਨ, ਹੋਵੇਗੀ ਉਮਰਕੈਦ

**ਚੰਡੀਗੜ੍ਹ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਬੇਅਦਬੀ ਖਿਲਾਫ਼ ਲਿਆਂਦਾ ਬਿੱਲ ਹੁਣ ਕਾਨੂੰਨ ਬਣ ਗਿਆ ਹੈ। ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਿੱਲ 'ਤੇ ਮੋਹਰ ਲਾ ਕੇ ਇਸ ਨੂੰ ਕਾਨੂੰਨੀ ਰੂਪ ਦੇ ਦਿੱਤਾ ਹੈ। ਹੁਣ, ਬਿੱਲ ਦੀ ਪ੍ਰਵਾਨਗੀ ਤੋਂ ਬਾਅਦ, ਇਹ ਕਾਨੂੰਨੀ ਬਣ ਗਿਆ ਹੈ। ਇਸ ਵਿੱਚ ਬੇਅਦਬੀ ਲਈ ਉਮਰ ਕੈਦ ਤੱਕ ਦੀ ਸਜ਼ਾ ਦੀ ਵਿਵਸਥਾ ਹੈ। ਇਸ ਤੋਂ ਇਲਾਵਾ, ਪੁਲਿਸ ਬਿਨਾਂ ਨੋਟਿਸ ਦੇ ਗ੍ਰਿਫ਼ਤਾਰ ਕਰ ਸਕਦੀ ਹੈ। ਜ਼ਮਾਨਤ ਵੀ ਨਹੀਂ ਦਿੱਤੀ ਜਾਂਦੀ। ਮਾਨਸਿਕ ਤੌਰ 'ਤੇ ਬਿਮਾਰ ਵਿਅਕਤੀ ਦੇ ਸਰਪ੍ਰਸਤ ਲਈ ਸਜ਼ਾ ਦੀ ਵੀ ਵਿਵਸਥਾ ਹੈ। ਸਰਕਾਰ ਹੁਣ ਇਸਨੂੰ ਲਾਗੂ ਕਰਨ ਲਈ ਇੱਕ ਗਜ਼ਟ ਨੋਟੀਫਿਕੇਸ਼ਨ ਜਾਰੀ ਕਰੇਗੀ। ਮੁੱਖ ਮੰਤਰੀ ਭਗਵੰਤ ਮਾਨ ਨੇ ਖੁਦ ਆਪਣੇ ਸੋਸ਼ਲ ਮੀਡੀਆ ਅਕਾਊਂਟ, ਐਕਸ 'ਤੇ ਪੋਸਟ ਕਰਕੇ ਇਹ ਜਾਣਕਾਰੀ ਸਾਂਝੀ ਕੀਤੀ।



ਉਨ੍ਹਾਂ ਲਿਖਿਆ ਕਿ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਵਿਧਾਨ ਸਭਾ ਵਿੱਚ ਪਾਸ ਕੀਤੇ ਬਿੱਲ 'ਤੇ ਦਸਤਖਤ ਕਰ ਦਿੱਤੇ ਹਨ। ਇਹ ਬਿੱਲ ਹੁਣ ਕਾਨੂੰਨ ਬਣ ਗਿਆ ਹੈ।

**ਨਵੇਂ ਕਾਨੂੰਨ ਤਹਿਤ ਹੇਠ ਲਿਖੇ ਕੰਮਾਂ ਨੂੰ ਬੇਅਦਬੀ ਮੰਨਿਆ ਜਾਵੇਗਾ**

☛ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 'ਸਵਰੂਪ' (ਪਵਿੱਤਰ ਗ੍ਰੰਥ) ਨੂੰ ਜਾਣਬੁੱਝ ਕੇ ਪਾੜਨਾ, ਸਾੜਨਾ, ਜਾਂ ਕਿਸੇ ਹੋਰ ਤਰੀਕੇ ਨਾਲ ਵਿਗਾੜਨਾ। ☛ ਪਵਿੱਤਰ ਗ੍ਰੰਥ 'ਤੇ ਥੁੱਕਣਾ, ਗੰਦੇ ਹੱਥਾਂ ਨਾਲ ਛੂਹਣਾ ਜਾਂ ਇਸਨੂੰ ਅਜਿਹੀ ਜਗ੍ਹਾ 'ਤੇ ਰੱਖਣਾ, ਜੋ ਇਸਦੀ ਪਵਿੱਤਰਤਾ ਨੂੰ ਨੁਕਸਾਨ ਪਹੁੰਚਾਉਂਦਾ ਹੈ। ☛ ਗੁਰੂ ਸਾਹਿਬ ਦੇ ਸਵਰੂਪ ਨੂੰ ਜਨਤਕ ਤੌਰ 'ਤੇ ਸੁੱਟਣਾ ਜਾਂ ਗਲੀਆਂ/ਨਾਲੀਆਂ ਵਿੱਚ ਅਣਗੌਲਿਆ ਛੱਡਣਾ। ☛ ਪਵਿੱਤਰ ਗ੍ਰੰਥ ਨੂੰ ਚੋਰੀ ਕਰਨਾ ਜਾਂ ਇਸਨੂੰ ਅਣਉਚਿਤ ਢੰਗ ਨਾਲ ਰੱਖਣਾ। ☛ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿੱਚ ਸ਼ਰਾਬ, ਤੰਬਾਕੂ, ਜਾਂ ਕਿਸੇ ਵੀ ਨਸ਼ੀਲੇ ਪਦਾਰਥ ਦਾ ਸੇਵਨ ਕਰਨਾ ਜਾਂ ਲਿਜਾਣਾ। ☛ ਸੋਸ਼ਲ ਮੀਡੀਆ ਜਾਂ ਕਿਸੇ ਹੋਰ ਮਾਧਿਅਮ ਰਾਹੀਂ ਪਵਿੱਤਰ ਗ੍ਰੰਥ ਜਾਂ ਗੁਰੂ ਸਾਹਿਬ ਬਾਰੇ ਅਸ਼ਲੀਲ ਟਿੱਪਣੀਆਂ ਕਰਨਾ ਜਾਂ ਅਪਮਾਨਜਨਕ ਫੋਟੋਆਂ ਜਾਂ ਵੀਡੀਓ ਬਣਾਉਣਾ।

## ਭਾਰਤੀ ਜਹਾਜ਼ਾਂ 'ਤੇ ਫਾਇਰਿੰਗ ਦਾ ਮਾਮਲਾ: ਇਰਾਨੀ ਰਾਜਦੂਤ ਨੂੰ ਕੀਤਾ ਤਲਬ

**ਨਵੀਂ ਦਿੱਲੀ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼ਨੀਵਾਰ ਨੂੰ ਹੋਰਮੁਜ਼ ਦੀ ਖਾੜੀ 'ਚ 2 ਭਾਰਤੀ ਜਹਾਜ਼ਾਂ 'ਤੇ ਇਰਾਨੀ ਰੈਵੋਲਿਊਸ਼ਨਰੀ ਗਾਰਡ ਕੋਰ (IRGC) ਨੇ ਗੋਲੀਬਾਰੀ ਸ਼ੁਰੂ ਕਰ ਦਿੱਤੀ, ਜਿਸ ਮਗਰੋਂ ਹਾਲਾਤ ਤਣਾਅਪੂਰਨ ਹੋ ਗਏ ਹਨ। ਇਨ੍ਹਾਂ ਜਹਾਜ਼ਾਂ ਤੋਂ ਇਲਾਵਾ ਭਾਰਤ ਆ ਰਹੇ ਕਈ ਹੋਰ ਤੇਲ ਟੈਂਕਰਾਂ ਨੂੰ ਵੀ ਅੱਧ ਵਿਚਾਲਿਓਂ ਵਾਪਸ ਮੁੜਨਾ ਪਿਆ ਹੈ। ਇਸ ਤਣਾਅ ਦੌਰਾਨ ਸ਼ਿਪਿੰਗ ਕਾਰਪੋਰੇਸ਼ਨ ਆਫ਼ ਇੰਡੀਆ (SCI) ਦਾ ਤੇਲ ਟੈਂਕਰ 'ਦੇਸ਼ ਗਰਿਮਾ' ਸ਼ਨੀਵਾਰ ਨੂੰ ਹੋਰਮੁਜ਼ ਨੂੰ ਪਾਰ ਕਰਨ ਵਿੱਚ ਸਫ਼ਲ ਰਿਹਾ। ਮਾਰਚ ਤੋਂ ਬਾਅਦ ਇਹ 10ਵਾਂ ਭਾਰਤੀ ਜਹਾਜ਼ ਹੈ ਜਿਸ ਨੇ ਇਸ ਖ਼ਤਰਨਾਕ ਰਸਤੇ ਨੂੰ ਪਾਰ ਕੀਤਾ ਹੈ, ਜਦਕਿ ਗੋਲੀਬਾਰੀ ਦੀਆਂ ਰਿਪੋਰਟਾਂ ਤੋਂ ਬਾਅਦ 4 ਭਾਰਤੀ ਜਹਾਜ਼ਾਂ- ਸਨਮਾਰ ਹੇਰਾਲਡ, ਦੇਸ਼ ਵੈਭਵ, ਦੇਸ਼ ਵਿਭੋਰ ਅਤੇ ਬਲਕ ਕੈਰੀਅਰ ਜਗ ਅਰਨਵ ਨੂੰ ਵਾਪਸ ਮੁੜਨਾ ਪਿਆ ਹੈ। ਇਸ ਦੇ ਬਾਵਜੂਦ ਫ਼ਾਰਸ ਦੀ ਖਾੜੀ 'ਚ ਹਾਲੇ ਵੀ ਭਾਰਤੀ ਝੰਡੇ ਵਾਲੇ ਕੁੱਲ 14 ਜਹਾਜ਼ ਫਸੇ ਹੋਏ ਹਨ। ਜ਼ਿਕਰਯੋਗ ਹੈ ਕਿ ਹੋਰਮੁਜ਼ ਰਾਹੀਂ ਦੁਨੀਆ ਦਾ ਲਗਭਗ 20 ਫ਼ੀਸਦੀ ਤੇਲ ਅਤੇ ਕੁਦਰਤੀ ਗੈਸ ਗੁਜ਼ਰਦੀ ਹੈ। ਇਸ ਰਸਤੇ ਦੇ ਬੰਦ ਹੋਣ ਨਾਲ ਕੌਮਾਂਤਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧ ਗਈਆਂ ਹਨ। ਮਿਡਲ ਈਸਟ 'ਚ ਤਣਾਅ ਮਗਰੋਂ ਹੋਰਮੁਜ਼ ਨੂੰ ਇਰਾਨ ਨੇ ਬੰਦ ਕਰ ਦਿੱਤਾ, ਜਿਸ ਕਾਰਨ ਕਈ ਦੇਸ਼ਾਂ ਵਿੱਚ ਤੇਲ ਦੀ ਕਿੱਲਤ ਸ਼ੁਰੂ ਹੋ ਗਈ ਹੈ ਅਤੇ ਕੁਝ ਥਾਵਾਂ 'ਤੇ ਤੇਲ ਦੀ ਰਾਸ਼ਿਨੰਗ ਕਰਨੀ ਪੈ ਰਹੀ ਹੈ। ਭਾਰਤੀ ਜਹਾਜ਼ਾਂ 'ਤੇ ਗੋਲ਼ੀਬਾਰੀ ਦੀ ਘਟਨਾ ਮਗਰੋਂ ਭਾਰਤੀ ਵਿਦੇਸ਼ ਮੰਤਰਾਲੇ ਨੇ ਇਰਾਨੀ ਰਾਜਦੂਤ ਨੂੰ ਤਲਬ ਕਰਕੇ ਭਾਰਤੀ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣ 'ਤੇ ਸਖ਼ਤ ਵਿਰੋਧ ਦਰਜ ਕਰਵਾਇਆ ਹੈ। ਭਾਰਤ ਨੇ ਆਪਣੇ ਸਮੁੰਦਰੀ ਜਹਾਜ਼ਾਂ ਅਤੇ ਚਾਲਕ ਦਲ ਦੀ ਸੁਰੱਖਿਆ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟਾਈ ਹੈ। ਅਮਰੀਕਾ ਵੱਲੋਂ ਹੋਰਮੁਜ਼ ਦੀ ਨਾਕਾਬੰਦੀ ਕਾਰਨ ਇੱਥੇ ਖ਼ਤਰਾ ਦੁੱਗਣਾ ਹੋ ਗਿਆ ਹੈ, ਜਿਸ ਕਾਰਨ ਦੁਨੀਆ ਭਰ 'ਚ ਤੇਲ-ਗੈਸ ਦੀ ਕਿੱਲਤ ਹੋਰ ਵਧਣ ਦਾ ਖ਼ਤਰਾ ਪੈਦਾ ਹੋ ਗਿਆ ਹੈ।

## ਪੰਜਾਬ 'ਚ ਅਗਲੇ 5 ਦਿਨ ਗਰਮੀ ਵਰਾਏਗੀ ਕਹਿਰ ! ਮੌਸਮ ਵਿਭਾਗ ਨੇ ਕੀਤੀ ਵੱਡੀ ਭਵਿੱਖਬਾਣੀ



**ਜਲੰਧਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਅਪ੍ਰੈਲ ਮਹੀਨੇ 'ਚ ਹੀ ਗਰਮੀ ਨੇ ਆਪਣਾ ਕਹਿਰ ਦਿਖਾਉਣਾ ਸ਼ੁਰੂ ਕਰ ਦਿੱਤਾ ਹੈ। ਸੂਬੇ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਤਪਦੀ ਧੁੱਪ ਕਾਰਨ ਤਾਪਮਾਨ ਵਿੱਚ ਤੇਜ਼ ਵਾਧਾ ਦਰਜ ਕੀਤਾ ਗਿਆ। ਸਭ ਤੋਂ ਵੱਧ ਗਰਮੀ ਬਠਿੰਡਾ ਵਿੱਚ ਮਹਿਸੂਸ ਕੀਤੀ ਗਈ, ਜਿੱਥੇ ਤਾਪਮਾਨ 41.4 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ। ਇਸ ਤੋਂ ਇਲਾਵਾ ਪਟਿਆਲਾ ਵਿੱਚ 40.4 ਡਿਗਰੀ, ਲੁਧਿਆਣਾ ਵਿੱਚ 39.8 ਡਿਗਰੀ, ਰੋਪੜ ਵਿੱਚ 37.6 ਅਤੇ ਐੱਸਬੀਐੱਸ ਨਗਰ ਵਿੱਚ 37.5 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਮੌਸਮ ਵਿਭਾਗ ਦੇ ਅੰਕੜਿਆਂ ਅਨੁਸਾਰ ਪਿਛਲੇ 24 ਘੰਟਿਆਂ ਦੌਰਾਨ ਸੂਬੇ ਦੇ ਔਸਤ ਤਾਪਮਾਨ ਵਿੱਚ 1.8 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਹੈ, ਜੋ ਕਿ ਆਮ ਨਾਲੋਂ ਲਗਭਗ 3.5 ਡਿਗਰੀ ਵੱਧ ਹੈ। ਸੂਬੇ ਦੇ 18 ਸ਼ਹਿਰਾਂ 'ਚ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਸੈਲਸੀਅਸ ਤੋਂ ਪਾਰ ਹੋ ਚੁੱਕਾ ਹੈ, ਜਿਸ ਨਾਲ ਗਰਮੀ ਦਾ ਪ੍ਰਭਾਵ ਹੋਰ ਵੀ ਵਧ ਗਿਆ ਹੈ। ਇਸ ਦੇ ਬਾਵਜੂਦ ਮੌਸਮ ਵਿਭਾਗ ਦਾ ਕਹਿਣਾ ਹੈ ਕਿ ਅੱਜ ਤੋਂ 24 ਅਪ੍ਰੈਲ ਤੱਕ ਗਰਮੀ ਤੋਂ ਵੱਡੀ ਰਾਹਤ ਦੀ ਉਮੀਦ ਘੱਟ ਹੈ ਅਤੇ ਡਰਾਈ ਮੌਸਮ ਜਾਰੀ ਰਹਿ ਸਕਦਾ ਹੈ। ਅਜਿਹੇ ਵਿੱਚ ਲੋਕਾਂ ਨੂੰ ਤਪਦੀ ਗਰਮੀ ਤੋਂ ਬਚਾਅ ਲਈ ਸਾਵਧਾਨ ਰਹਿਣ ਦੀ ਲੋੜ ਹੈ। ਹਾਲਾਂਕਿ ਮੌਸਮ ਵਿਭਾਗ ਵੱਲੋਂ ਕੁਝ ਜ਼ਿਲ੍ਹਿਆਂ ਵਿੱਚ ਹਲਕੇ ਬਦਲਾਅ ਦੀ ਸੰਭਾਵਨਾ ਜਤਾਈ ਗਈ ਹੈ। ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ ਅਤੇ ਨਵਾਂਸ਼ਹਿਰ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਇਨ੍ਹਾਂ ਇਲਾਕਿਆਂ ਵਿੱਚ ਬਿਜਲੀ ਚਮਕਣ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਹਲਕੀ ਬਾਰਿਸ਼ ਦੀ ਸੰਭਾਵਨਾ ਹੈ।

## ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰ ਕੇ ਵਾਪਸ ਪਰਤਿਆ ਸਿੱਖ ਸ਼ਰਧਾਲੂਆਂ ਦਾ ਜਥਾ



**ਅੰਮ੍ਰਿਤਸਰ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੇ ਮੌਕੇ 'ਤੇ ਪਾਕਿਸਤਾਨ ਗਏ ਸਿੱਖ ਸ਼ਰਧਾਲੂਆਂ ਦਾ ਜੱਥਾ ਅੱਜ ਅਟਾਰੀ-ਵਾਹਗਾ ਬਾਰਡਰ ਰਾਹੀਂ ਵਾਪਸ ਭਾਰਤ ਪਰਤ ਆਇਆ ਹੈ। ਜਾਣਕਾਰੀ ਮੁਤਾਬਕ ਇਸ ਜੱਥੇ 'ਚ ਕੁੱਲ 2238 ਸ਼ਰਧਾਲੂ ਸ਼ਾਮਲ ਸਨ, ਜੋ ਇਨ੍ਹਾਂ ਧਾਰਮਿਕ ਤਿਉਹਾਰਾਂ ਨੂੰ ਮਨਾਉਣ ਲਈ ਪਾਕਿਸਤਾਨ ਗਏ ਸਨ। ਵਾਪਸੀ 'ਤੇ ਸ਼ਰਧਾਲੂਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਉੱਥੇ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਿਆ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਵੱਲੋਂ ਉਨ੍ਹਾਂ ਲਈ ਬਹੁਤ ਵਧੀਆ ਪ੍ਰਬੰਧ ਅਤੇ ਸੁਵਿਧਾਵਾਂ ਕੀਤੀਆਂ ਗਈਆਂ ਸਨ। ਸ਼ਰਧਾਲੂਆਂ ਨੇ ਦੱਸਿਆ ਕਿ ਉਹ ਪਾਕਿਸਤਾਨ ਵਿੱਚ ਸਥਿਤ ਪਵਿੱਤਰ ਸਿੱਖ ਧਾਮਾਂ ਜਿਵੇਂ ਸ੍ਰੀ ਨਨਕਾਣਾ ਸਾਹਿਬ, ਸ੍ਰੀ ਪੰਜਾ ਸਾਹਿਬ, ਸ੍ਰੀ ਡੇਰਾ ਸਾਹਿਬ ਅਤੇ ਸ੍ਰੀ ਕਰਤਾਰਪੁਰ ਸਾਹਿਬ ਸਮੇਤ ਹੋਰ ਗੁਰਧਾਮਾਂ 'ਤੇ ਨਤਮਸਤਕ ਹੋਏ। ਉਨ੍ਹਾਂ ਕਿਹਾ ਕਿ ਉੱਥੇ ਜਾ ਕੇ ਉਨ੍ਹਾਂ ਨੂੰ ਆਤਮਿਕ ਸ਼ਾਂਤੀ ਅਤੇ ਖੁਸ਼ੀ ਦਾ ਅਨੁਭਵ ਹੋਇਆ। ਇਸ ਮੌਕੇ 'ਤੇ ਸ਼ਰਧਾਲੂਆਂ ਨੇ ਭਾਰਤ ਅਤੇ ਪਾਕਿਸਤਾਨ ਦੋਵੇਂ ਸਰਕਾਰਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਲਾਂਘੇ ਹੋਰ ਖੋਲ੍ਹੇ ਜਾਣ, ਤਾਂ ਜੋ ਭਵਿੱਖ ਵਿੱਚ ਵੀ ਸ਼ਰਧਾਲੂਆਂ ਨੂੰ ਆਸਾਨੀ ਨਾਲ ਦਰਸ਼ਨ ਕਰਨ ਦਾ ਮੌਕਾ ਮਿਲ ਸਕੇ।

## ਵਿਦੇਸ਼ਾਂ ਅੰਦਰ ਸਿੱਖ ਭਾਈਚਾਰੇ ਖਿਲਾਫ਼ ਹਿੰਸਕ ਘਟਨਾਵਾਂ ਵੱਡੀ ਚਿੰਤਾ : ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਇਟਲੀ, 19 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਟਲੀ 'ਚ ਗੁਰਦੁਆਰਾ ਸਾਹਿਬ ਦੇ ਬਾਹਰ ਦੋ ਸਿੱਖਾਂ ਰਜਿੰਦਰ ਸਿੰਘ ਤੇ ਗੁਰਮੀਤ ਸਿੰਘ ਦਾ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਦੀ ਘਟਨਾ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਇਟਲੀ ਦੇ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਕੌਰ ਜੀ ਕੋਵੋ (ਬੈਰਗਾਮੋ) ਦੇ ਬਾਹਰ ਹੋਈ ਇਹ ਘਟਨਾ ਦੇਸ਼ ਵਿਦੇਸ ਦੇ ਸਿੱਖਾਂ ਲਈ ਵੱਡੀ ਚਿੰਤਾ ਵਾਲੀ ਗੱਲ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖਾਂ ਨੇ ਪੂਰੀ ਦੁਨੀਆ ਅੰਦਰ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ ਉੱਤੇ ਚੱਲਦਿਆਂ ਹਮੇਸ਼ਾ ਆਪਸੀ ਸਦਭਾਵਨਾ ਅਤੇ ਭਾਈਚਾਰਕ ਸਾਂਝਾਂ ਨੂੰ ਮਜ਼ਬੂਤ ਕੀਤਾ ਹੈ। ਇਨ੍ਹਾਂ ਨੇ ਗੁਰਦੁਆਰਾ ਸਾਹਿਬਾਨ ਦੇ ਰਾਹੀਂ ਹਮੇਸ਼ਾ ਹੀ ਲੋਕ ਭਲਾਈ ਦੇ ਕਾਰਜਾਂ ਵਿਚ ਵੱਡਾ ਹਿੱਸਾ ਪਾਇਆ ਹੈ। ਗੁਰਦੁਆਰਾ ਸਾਹਿਬਾਨ ਜਿਥੋਂ ਹਮੇਸ਼ਾ ਸਰਬਸਾਂਝੀ ਵਾਲਤਾ ਦਾ ਸੰਦੇਸ਼ ਮਿਲਦਾ ਹੈ ਉਥੇ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਬੇਹੱਦ ਗੰਭੀਰ ਹੈ। ਇਸ ਲਈ ਭਾਰਤ ਸਰਕਾਰ ਨੂੰ ਤੁਰੰਤ ਹਰਕਤ ਵਿੱਚ ਆਉਣਾ ਚਾਹੀਦਾ ਹੈ। ਉਨ੍ਹਾਂ ਇਟਲੀ ਸਰਕਾਰ ਨੂੰ ਇਸ ਘਟਨਾ ਦੇ ਦੋਸੀਆਂ ਖਿਲਾਫ ਸਖਤ ਕਾਰਵਾਈ ਦੀ ਵੀ ਅਪੀਲ ਕੀਤੀ। ਸਿਨੇਮਾ ਟ੍ਰੇਲਰਐਡਵੋਕੇਟ ਧਾਮੀ ਨੇ ਇਟਲੀ ਵਿਚ ਮਾਰੇ ਗਏ ਰਜਿੰਦਰ ਸਿੰਘ ਤੇ ਗੁਰਮੀਤ ਸਿੰਘ ਦੇ ਪਰਿਵਾਰਾਂ ਨਾਲ ਵੀ ਹਮਦਰਦੀ ਪ੍ਰਗਟ ਕੀਤੀ। ਜ਼ਿਕਰਯੋਗ ਹੈ ਕਿ ਬੀਤੇ ਦਿਨ ਲੰਬਾਰਦੀਆਂ ਸੂਬੇ ਦੇ ਜ਼ਿਲ੍ਹਾ ਬੈਰਗਾਮੋ ਦੇ ਸ਼ਹਿਰ ਕੋਵੋ ਵਿਖੇ ਸਥਿਤ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਦੇ ਪ੍ਰਵੇਸ਼ ਦੁਆਰਾ 'ਤੇ ਅਗਿਆਤ ਹਮਲਾਵਰ ਨੇ ਗੋਲੀਆਂ ਮਾਰ ਕੇ ਭਾਰਤੀ ਮੂਲ ਦੇ ਦੋ ਸਿੱਖ ਸੇਵਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ, ਜਿਸ ਨਾਲ ਕਿ ਇਟਲੀ ਭਰ ਵਿੱਚ ਵਸਦੇ ਭਾਰਤੀ ਭਾਈਚਾਰੇ 'ਚ ਭਾਰੀ ਰੋਸ ਸੀ। ਇਸ ਗੋਲੀਬਾਰੀ ਵਿਚ ਰਜਿੰਦਰ ਸਿੰਘ ਰੰਮੀ (40) ਤੇ ਗੁਰਮੀਤ ਸਿੰਘ (40) (ਜਿਹੜੇ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਦੱਸੇ ਜਾ ਰਹੇ ਹਨ ) ਦੋਵੇਂ ਗੰਭੀਰ ਜਖ਼ਮੀ ਹੋ ਗਏ, ਜਿਨ੍ਹਾਂ ਦੀ ਬਾਅਦ 'ਚ ਮੌਤ ਹੋ ਗਈ। ਘਟਨਾ ਦੀ ਜਾਣਕਾਰੀ ਮਿਲਦੇ ਹੀ ਬੇਸ਼ੱਕ ਇਟਾਲੀਅਨ ਪੁਲਸ ਹਰਕਤ ਵਿੱਚ ਆ ਗਈ ਪਰ ਉਦੋਂ ਤੱਕ ਹਮਲਾਵਰ ਭੱਜਣ ਵਿੱਚ ਕਾਮਯਾਬ ਹੋ ਗਏ ਸਨ।

### ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਅਤੇ

# ਸ਼੍ਰੋਮਣੀ ਕਮੇਟੀ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਦੇ ਪਰਿਵਾਰ ਨੂੰ ਗਹਿਰਾ ਸਦਮਾ

## ਧਰਮ ਸੁਪਤਨੀ ਬੀਬੀ ਪਰਮਜੀਤ ਕੌਰ ਦਾ ਅਕਾਲ ਚਲਾਣਾ













**ਵਿਸ਼ੇਸ਼ ਰਿਪੋਰਟ • ਆਵਾਜ਼ਿ ਕੌਮ ਬਿਊਰੋ**

**ਬਾਘਾ ਪੁਰਾਣਾ (ਪਿੰਡ ਰੋਡੇ)** ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਦੇ ਧਾਰਮਿਕ ਅਤੇ ਪੰਥਕ ਵਰਗ ਲਈ ਇੱਕ ਬਹੁਤ ਹੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਜਗਤਾਰ ਸਿੰਘ ਰੋਡੇ ਦੀ ਧਰਮ ਸੁਪਤਨੀ ਬੀਬੀ ਪਰਮਜੀਤ ਕੌਰ ਜੀ ਦਾ ਅੱਜ ਦਿਨ ਐਤਵਾਰ ਸਵੇਰੇ ਕਰੀਬ 11 ਵਜੇ ਅਕਾਲ ਚਲਾਣਾ ਹੋ ਗਿਆ। ਉਹ ਪਿਛਲੇ ਲੰਮੇ ਸਮੇਂ ਤੋਂ ਇਕ ਭਿਆਨਕ ਬਿਮਾਰੀ ਨਾਲ ਜੂਝ ਰਹੇ ਸਨ ਅਤੇ ਇਸ ਦੌਰਾਨ ਉਨ੍ਹਾਂ ਨੇ ਬੇਮਿਸਾਲ ਹੌਸਲੇ ਅਤੇ ਅਟੱਲ ਵਿਸ਼ਵਾਸ ਨਾਲ ਇਸ ਬਿਮਾਰੀ ਦਾ ਸਾਹਮਣਾ ਕੀਤਾ। ਭਾਈ ਜਗਤਾਰ ਸਿੰਘ ਰੋਡੇ ਅਮਰ ਸ਼ਹੀਦ ਸਰਦਾਰ ਜਗੀਰ ਸਿੰਘ ਦੇ ਪੁੱਤਰ ਹਨ ਅਤੇ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਹਨ। ਇਸ ਤੋਂ ਇਲਾਵਾ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਛੋਟੇ ਭਰਾ ਹਨ। ਬੀਬੀ ਪਰਮਜੀਤ ਕੌਰ ਜੀ ਨੇ ਆਪਣੇ ਜੀਵਨ ਦੌਰਾਨ ਤਨ-ਮਨ ਨਾਲ ਸੇਵਾ ਕਰਦਿਆਂ ਸਿੱਖੀ ਮੂਲਿਆਂ ਨੂੰ ਨਿਭਾਇਆ ਅਤੇ ਹਰ ਮੁਸ਼ਕਲ ਵੇਲੇ ਵੀ ਚੜ੍ਹਦੀ ਕਲਾ ਵਿੱਚ ਰਹਿਣ ਦਾ ਪ੍ਰਮਾਣ ਦਿੱਤਾ। ਅੱਜ ਸ਼ਾਮ 4 ਵਜੇ ਉਨ੍ਹਾਂ ਦਾ ਅੰਤਿਮ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਰੋਡੇ ਵਿਖੇ, ਸੰਤਾਂ ਵਾਲੇ ਕੋਠੇ ਅੱਗੇ, ਅੰਤਿਮ ਅਰਦਾਸਾਂ ਦੇ ਨਾਲ ਕਰ ਦਿੱਤਾ ਗਿਆ। ਭਾਵੇਂ ਹਰ ਪੱਖ ਤੋਂ ਉਨ੍ਹਾਂ ਨੂੰ ਮੈਡੀਕਲ ਸਹੂਲਤਾਂ ਅਤੇ ਹੋਰ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ, ਪਰ ਅਕਾਲ ਪੁਰਖ ਦੇ ਹੁਕਮ ਅਨੁਸਾਰ ਉਹ ਸਾਨੂੰ ਸਦੀਵੀ ਵਿਛੋੜਾ ਦੇ ਗਏ। ਅਕਾਲ ਪੁਰਖ ਦੀ ਰਜ਼ਾ ਵਿੱਚ ਰਹਿੰਦਿਆਂ ਬੀਬੀ ਜੀ ਨੇ ਜਿੱਥੇ ਸੇਵਾ ਨੂੰ ਆਪਣਾ ਧਰਮ ਬਣਾਇਆ, ਉੱਥੇ ਹੀ ਦ੍ਰਿੜਤਾ ਨਾਲ ਇਸ ਭਿਆਨਕ ਬਿਮਾਰੀ ਦਾ ਵੀ ਮੁਕਾਬਲਾ ਕੀਤਾ। ਉਨ੍ਹਾਂ ਦਾ ਜੀਵਨ ਸੰਗਤ ਲਈ ਪ੍ਰੇਰਣਾ ਦਾ ਸਰੋਤ ਰਹੇਗਾ। ਇਸ ਦੁਖਦਾਈ ਸਮੇਂ ਵਿੱਚ ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ, ਇਟਲੀ ਅਤੇ ਅਸਟਰੀਆ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ, ਅਤੇ ਪੰਜਾਬ ਦੇ ਮੁੱਖ ਬੁਲਾਰੇ ਸੰਤ ਚਰਨਜੀਤ ਸਿੰਘ ਜੱਸੋਵਾਲ ਸਮੇਤ ਸਮੂਹ ਆਗੂਆਂ ਅਤੇ ਮੈਂਬਰਾਂ ਵੱਲੋਂ ਭਾਈ ਜਗਤਾਰ ਸਿੰਘ ਰੋਡੇ ਅਤੇ ਰੋਡੇ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਗਈ। ਸਭ ਨੇ ਇਕਸੁਰ ਹੋ ਕੇ ਕਿਹਾ ਕਿ ਇਹ ਅਕਾਲ ਪੁਰਖ ਦਾ ਭਾਣਾ ਹੈ, ਜਿਸਨੂੰ ਹਰ ਇਨਸਾਨ ਨੂੰ ਸਿਰ ਮੱਥੇ ਲਾਉਣਾ ਹੀ ਪੈਂਦਾ ਹੈ। ਗੁਰਸਿੱਖੀ ਦੇ ਅਸੂਲਾਂ ਅਨੁਸਾਰ ਭਾਣਾ ਮੰਨਣਾ ਹੀ ਸੱਚੀ ਭਗਤੀ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਇਹੀ ਸੱਚਾ ਸਹਾਰਾ ਹੈ। ਵਾਹਿਗੁਰੂ ਜੀ ਅੱਗੇ ਅਰਦਾਸ ਹੈ ਕਿ ਬੀਬੀ ਪਰਮਜੀਤ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਬਖਸ਼ਣ ਅਤੇ ਭਾਈ ਜਗਤਾਰ ਸਿੰਘ ਰੋਡੇ ਸਮੇਤ ਸਮੂਹ ਪਰਿਵਾਰ, ਰਿਸ਼ਤੇਦਾਰਾਂ ਅਤੇ ਸਬੰਧੀਆਂ ਨੂੰ ਇਹ ਅਸਹਿਣਯੋਗ ਦੁੱਖ ਸਹਿਣ ਦਾ ਬਲ ਬਖਸ਼ਣ। ਸਤਿਗੁਰੂ ਸਾਨੂੰ ਸਭ ਨੂੰ ਆਪਣੀ ਰਜ਼ਾ ਵਿੱਚ ਰਹਿਣ ਅਤੇ ਭਾਣਾ ਮੰਨਣ ਦੀ ਤਾਕਤ ਬਖਸ਼ਣ।

### ਇੰਟਰਨੈਸ਼ਨਲ ਪੰਥਕ ਦਲ (ਯੂ. ਕੇ.) ਦੇ ਆਗੂਆਂ ਵੱਲੋਂ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ


ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ਼ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਤੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ., ਭਾਈ ਪਰਮਜੀਤ ਸਿੰਘ ਢਾਡੀ ਅੰਤਰਰਾਸ਼ਟਰੀ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ ਅਤੇ ਭਾਈ ਕਪਤਾਨ ਸਿੰਘ (ਇੰਗਲੈਂਡ) ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਪ੍ਰਮਾਤਮਾ ਵਿਛੜੀ ਆਤਮਾ ਨੂੰ ਆਪਣੇ ਪਵਿੱਤਰ ਚਰਨਾਂ 'ਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---


# ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


### ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਜ਼ੈਂਡ 'ਚ





# ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ


## ਗੁਰਦੁਆਰਾ ਸਾਹਿਬ ਦੀ ਮੁੱਖ ਇਮਾਰਤ ਦੇ ਬਾਹਰਲੇ ਪਾਸੇ ਨਿਸ਼ਾਨ ਸਾਹਿਬ ਦੇ ਕੋਲ ਸਥਾਪਿਤ ਕੀਤੇ ਇਸ ਬੁੱਤ ਦਾ ਉਦਘਾਟਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਇੰਦਰਪਾਲ ਸਿੰਘ ਸੱਲ ਤੇ ਸਾਬਕਾ ਮੁੱਖ ਸੇਵਾਦਾਰ ਅਜੈਬ ਸਿੰਘ ਚੀਮਾ ਵੱਲੋਂ ਕੀਤਾ ਗਿਆ








ਆਵਾਜ਼ਿ ਕੌਮ
AWAZE QAUM
International Newspaper & WEB TV

(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਲੰਡਨ, 17 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਯੂਰਪ ਦੇ ਪ੍ਰਮੁੱਖ ਗੁਰੂਘਰਾਂ ਵਿੱਚੋਂ ਇੱਕ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਜ਼ੈਂਡ ਵਿਖੇ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਸ਼ਾਨਦਾਰ ਬੁੱਤ ਸਥਾਪਿਤ ਕੀਤਾ ਗਿਆ। ਇਹ ਬੁੱਤ ਗੁਰਦੁਆਰਾ ਸਾਹਿਬ ਦੀ ਮੁੱਖ ਇਮਾਰਤ ਦੇ ਬਾਹਰ ਨਿਸ਼ਾਨ ਸਾਹਿਬ ਦੇ ਕੋਲ ਲਗਾਇਆ ਗਿਆ, ਜਿਸ ਦਾ ਉਦਘਾਟਨ ਮੁੱਖ ਸੇਵਾਦਾਰ ਇੰਦਰਪਾਲ ਸਿੰਘ ਸੱਲ ਅਤੇ ਸਾਬਕਾ ਮੁੱਖ ਸੇਵਾਦਾਰ ਅਜੈਬ ਸਿੰਘ ਚੀਮਾ ਵੱਲੋਂ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦੇ ਹੋਏ ਇੰਦਰਪਾਲ ਸਿੰਘ ਸੱਲ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ ਕਈ ਸਾਲਾਂ ਤੋਂ ਇਸ ਪ੍ਰੋਜੈਕਟ ਲਈ ਵਚਨਬੱਧ ਸੀ। ਉਨ੍ਹਾਂ ਦੱਸਿਆ ਕਿ ਇਸ ਦਾ ਮੁੱਖ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿੱਖ ਇਤਿਹਾਸ ਨਾਲ ਜੋੜਨਾ ਅਤੇ ਉਹਨਾਂ ਨੂੰ ਆਪਣੇ ਵਿਰਸੇ ਨਾਲ ਜਾਣੂ ਕਰਵਾਉਣਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਤਿਹਾਸਕਾਰਾਂ ਅਤੇ ਮਾਹਰਾਂ ਦੀ ਸਲਾਹ ਨਾਲ ਬੁੱਤ ਨੂੰ ਤਿਆਰ ਕਰਵਾਇਆ ਗਿਆ ਹੈ ਤਾਂ ਜੋ ਇਹ ਇਤਿਹਾਸਕ ਸੱਚਾਈ ਨੂੰ ਦਰਸਾ ਸਕੇ।

ਬੁੱਤ ਦਾ ਡਿਜ਼ਾਇਨ ਗੁਰਿੰਦਰ ਸਿੰਘ ਮਾਨ ਵੱਲੋਂ ਤਿਆਰ ਕੀਤਾ ਗਿਆ। ਜਨਰਲ ਸਕੱਤਰ ਦਵਿੰਦਰ ਸਿੰਘ ਭਿੰਦਾ ਮੁਠੱਡਾ ਨੇ ਇਸ ਮੌਕੇ ਨੂੰ ਸਿੱਖ ਕੌਮ ਲਈ ਮਾਣ ਵਾਲਾ ਦੱਸਿਆ। ਇਸ ਸਮਾਗਮ ਵਿੱਚ ਸੰਸਦ ਮੈਂਬਰ ਡਾ. ਲੌਰੇਨ ਸੁਲੀਵਾਨ, ਭਾਈ ਨਰਿੰਦਰਜੀਤ ਸਿੰਘ ਥਾਂਦੀ, ਜਗਦੇਵ ਸਿੰਘ ਵਿਰਦੀ, ਜੈਗ ਸਿੰਘ, ਨਾਨਕ ਸਿੰਘ, ਗੁਰਵਿੰਦਰ ਸੰਧਰ, ਕੁਲਦੀਪ ਸਿੰਘ, ਭਾਈ ਦਵਿੰਦਰਜੀਤ ਸਿੰਘ, ਸੋਹਣ ਸਿੰਘ ਭੱਟੀ ਅਤੇ ਹੋਰ ਅਨੇਕਾਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਨੇ ਵੀ ਆਪਣੇ ਸਾਥੀਆਂ ਸਮੇਤ ਹਾਜ਼ਰੀ ਭਰੀ ਅਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਵੱਖ-ਵੱਖ ਸ਼ਹਿਰਾਂ ਤੋਂ ਆਈ ਸੰਗਤ ਨੇ ਵੀ ਇਸ ਇਤਿਹਾਸਕ ਪਲ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਅਤੇ ਇਸਨੂੰ ਕੌਮੀ ਮਾਣ ਦਾ ਪ੍ਰਤੀਕ ਦੱਸਿਆ।

**ਬਾਬਾ ਬੰਦਾ ਸਿੰਘ ਬਹਾਦਰ ਦਾ ਸੰਖੇਪ ਜੀਵਨ ਤੇ ਯੋਗਦਾਨ :** ਬਾਬਾ ਬੰਦਾ ਸਿੰਘ ਬਹਾਦਰ ਸਿੱਖ ਇਤਿਹਾਸ ਦੇ ਮਹਾਨ ਜਰਨੈਲ ਅਤੇ ਯੋਧਾ ਸਨ, ਜਿਨ੍ਹਾਂ ਨੇ ਸਿੱਖ ਰਾਜ ਦੀ ਬੁਨਿਆਦ ਰੱਖੀ। ਉਹਨਾਂ ਦਾ ਜਨਮ 1670 ਵਿੱਚ ਰਾਜੌਰੀ (ਜੰਮੂ-ਕਸ਼ਮੀਰ) ਵਿੱਚ ਲਛਮਣ ਦੇਵ ਦੇ ਰੂਪ ਵਿੱਚ ਹੋਇਆ। ਬਾਅਦ ਵਿੱਚ ਉਹ ਗੁਰੂ ਗੋਬਿੰਦ ਸਿੰਘ ਜੀ ਦੇ ਸੰਪਰਕ ਵਿੱਚ ਆਏ ਅਤੇ ਸਿੱਖ ਧਰਮ ਅਪਣਾਇਆ। ਗੁਰੂ ਗੋਬਿੰਦ ਸਿੰਘ ਜੀ ਦੀ ਅਗਵਾਈ ਹੇਠ ਬਾਬਾ ਬੰਦਾ ਸਿੰਘ ਬਹਾਦਰ ਨੇ ਮੁਗਲ ਹਕੂਮਤ ਖ਼ਿਲਾਫ਼ ਸੰਘਰਸ਼ ਸ਼ੁਰੂ ਕੀਤਾ। ਉਹਨਾਂ ਨੇ ਸਰਹਿੰਦ ਦੇ ਹਾਕਮ ਵਜ਼ੀਰ ਖਾਨ ਨੂੰ ਹਰਾ ਕੇ ਜ਼ੁਲਮ ਦੇ ਖ਼ਿਲਾਫ਼ ਨਿਆਂ ਦੀ ਮਿਸਾਲ ਕਾਇਮ ਕੀਤੀ। ਉਹਨਾਂ ਨੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਜਮੀਨ ਦੇ ਹੱਕ ਦਿੱਤੇ, ਜੋ ਸਮਾਜਕ ਬਰਾਬਰੀ ਵੱਲ ਇੱਕ ਵੱਡਾ ਕਦਮ ਸੀ। ਉਹਨਾਂ ਦੀ ਅਗਵਾਈ ਹੇਠ ਸਿੱਖਾਂ ਨੇ ਪਹਿਲੀ ਵਾਰ ਆਪਣਾ ਰਾਜ ਸਥਾਪਿਤ ਕੀਤਾ, ਜਿੱਥੇ ਨਿਆਂ, ਬਰਾਬਰੀ ਅਤੇ ਮਨੁੱਖੀ ਮੁੱਲਾਂ ਨੂੰ ਪ੍ਰਧਾਨਤਾ ਦਿੱਤੀ ਗਈ। 1716 ਵਿੱਚ ਦਿੱਲੀ ਵਿੱਚ ਉਹਨਾਂ ਨੂੰ ਸ਼ਹੀਦੀ ਪ੍ਰਾਪਤ ਹੋਈ, ਪਰ ਉਹਨਾਂ ਦੀ ਬਹਾਦਰੀ ਅਤੇ ਕੁਰਬਾਨੀ ਸਿੱਖ ਕੌਮ ਲਈ ਸਦੀਵੀ ਪ੍ਰੇਰਣਾ ਬਣੀ ਰਹੀ ਹੈ। ਇਸ ਤਰ੍ਹਾਂ ਗ੍ਰੇਵਜ਼ੈਂਡ ਗੁਰਦੁਆਰੇ ਵਿੱਚ ਸਥਾਪਿਤ ਕੀਤਾ ਗਿਆ ਇਹ ਬੁੱਤ ਸਿਰਫ਼ ਇੱਕ ਯਾਦਗਾਰ ਨਹੀਂ, ਸਗੋਂ ਸਿੱਖ ਇਤਿਹਾਸ, ਬਹਾਦਰੀ ਅਤੇ ਕੌਮੀ ਮਾਣ ਦਾ ਪ੍ਰਤੀਕ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਵਿਰਸੇ ਨਾਲ ਜੋੜਦਾ ਰਹੇਗਾ। ••

ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਜ਼ੈਂਡ 'ਚ



# ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ

## ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ ਕਰਨ ਦਾ ਮੁੱਖ ਮਕਸਦ ਸਾਡੀ ਆਉਣ ਵਾਲੀ ਪੀੜ੍ਹੀ ਤੋਂ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣਾ







ਆਵਾਜ਼ਿ ਕੌਮ AWAZE QAUM International Newspaper & WEB TV










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

### ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਜ਼ੈਂਡ 'ਚ



# ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ

**ਬਾਬਾ ਬੰਦਾ ਸਿੰਘ ਬਹਾਦਰ ਤੋਂ ਸਿੱਖ ਰਾਜ ਦੀ ਆਰੰਭਤਾ ਹੋਈ ਮਨੁੱਖੀ ਕਦਰਾਂ ਕੀਮਤਾਂ, ਹਿੰਮਤ, ਨਿਆਂ ਅਤੇ ਬਰਾਬਰਤਾ ਦਾ ਸਭ ਨੂੰ ਸਨਮਾਨ ਮਿਲਿਆ**








ਆਵਾਜ਼ਿ ਕੌਮ
AWAZE QAUM
International Newspaper & WEB TV











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

### ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਗ੍ਰੇਵਜ਼ੈਂਡ 'ਚ



# ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ

## ਇੰਗਲੈਂਡ ਦੇ ਸਾਰੇ ਹੀ ਗੁਰੂ ਘਰਾਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਵੱਧ ਤੋਂ ਵੱਧ ਉਪਰਾਲੇ ਕਰਨੇ ਚਾਹੀਦੇ ਹਨ












ਆਵਾਜ਼ਿ ਕੌਮ
AWAZE QAUM
International Newspaper & WEB TV





ਜਲਾਲ ਉਸਮਾਂ ਵਿਖੇ

# ਆਪਣਾ ਜੱਦੀ ਘਰ ਦੇਖ ਕੇ ਭਾਵੁਕ ਹੋਏ ਉੱਤਰਾਖੰਡ ਦੇ ਰਾਜਪਾਲ









**ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਪਣੀ ਜਨਮ ਭੂਮੀ ਪਿੰਡ ਜਲਾਲ ਉਸਮਾਂ ਵਿਖੇ ਪੁੱਜੇ ਉੱਤਰਾਖੰਡ ਦੇ ਮਾਣਯੋਗ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ, ਜਿੱਥੇ ਆਪਣੇ ਜੱਦੀ ਪਿੰਡ ਨੂੰ ਦੇਖ ਕੇ ਬਹੁਤ ਖੁਸ਼ ਹੋਏ, ਉਥੇ ਹੀ ਆਪਣਾ ਪੁਰਾਣਾ ਬੰਦ ਪਿਆ ਘਰ ਦੇਖ ਕੇ ਭਾਵੁਕ ਹੋਏ ਬਿਨਾਂ ਨਾ ਰਹਿ ਸਕੇ। ਬੀਤੇ ਦਿਨੀਂ ਉੱਤਰਾਖੰਡ ਦੇ ਗਵਰਨਰ ਹਾਊਸ ਵਿਖੇ ਪੁੱਜੇ ਪਿੰਡ ਦੇ ਹੀ ਨੌਜਵਾਨ ਮਾ. ਗੁਰਪ੍ਰੀਤ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਨੇ ਮੁਲਾਕਾਤ ਦੌਰਾਨ ਆਪਣੇ ਪਿੰਡ ਪ੍ਰਤੀ ਚਾਹਤ ਨੂੰ ਦੇਖਦੇ ਹੋਏ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਨੂੰ ਪਿੰਡ ਆਉਣ ਦਾ ਸੱਦਾ ਦਿੱਤਾ ਸੀ, ਜਿਸ ਤੋਂ ਬਾਅਦ ਉਹ ਤਕਰੀਬਨ 56 ਸਾਲ ਬਾਅਦ ਆਪਣੇ ਪਿੰਡ ਜਲਾਲ ਉਸਮਾਂ (ਅੰਮ੍ਰਿਤਸਰ) ਵਿਖੇ ਪੁੱਜੇ। ਰਾਜਪਾਲ ਗੁਰਮੀਤ ਸਿੰਘ ਨੇ ਸਭਤੋਂ ਪਹਿਲਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 'ਚ ਹਾਜ਼ਰੀ ਭਰੀ, ਜਿੱਥੇ ਉਨ੍ਹਾਂ ਨੇ ਆਪਣੀ ਪੜ੍ਹਾਈ ਦੀ ਸ਼ੁਰੂਆਤ ਕੀਤੀ ਸੀ। ਇਸ ਮੌਕੇ ਉਨ੍ਹਾਂ ਦੀ ਆਮਦ 'ਚ ਰੱਖੇ ਗਏ ਸਮਾਗਮ ਦੌਰਾਨ ਬੱਚਿਆਂ ਤੇ ਸਕੂਲ ਸਟਾਫ ਵੱਲੋਂ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਉਹ ਇਤਿਹਾਸਕ ਅਸਥਾਨ ਗੁਰਦੁਆਰਾ ਬਾਬਾ ਸ੍ਰੀ ਚੰਦ ਸਾਹਿਬ ਜੀ ਵਿਖੇ ਪੁੱਜੇ, ਜਿੱਥੇ ਨਤਮਸਤਕ ਹੋਣ ਤੋਂ ਬਾਅਦ ਆਪਣਾ ਜੱਦੀ ਘਰ ਦੇਖਣ ਗਏ ਤੇ ਘਰ ਨੂੰ ਨਮਸਕਾਰ ਕਰਨ ਉਪਰੰਤ ਬੰਦ ਪਏ ਹੋਏ ਪਿੰਡ 'ਚ ਗੁਜ਼ਾਰੇ ਆਪਣੇ ਸਮੇਂ ਦੀਆਂ ਬਹੁਤ ਸਾਰੀਆਂ ਗੱਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਆਪਣੇ ਪਿੰਡ ਪ੍ਰਤੀ ਪਿਆਰ ਦਿਖਾਉਂਦੇ ਹੋਏ ਸਕੂਲ ਵਿਖੇ ਬਣਾਈ ਗਈ ਨਵੀਂ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਤੇ ਬੱਚਿਆਂ ਲਈ ਆਪਣੇ ਕੋਲੋਂ ਕਰੀਬ 5 ਲੱਖ ਕੀਮਤ ਦੇ ਕੰਪਿਊਟਰ, ਪ੍ਰਿੰਟਰ, ਲੈਪਟਾਪ ਤੇ ਨੋਟਪੈਡ ਆਦਿ ਉਪਕਰਨ ਭੇਟ ਕੀਤੇ। ਇਸਦੇ ਨਾਲ ਹੀ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਨੂੰ ਨਵੇਂ ਜਨਰੇਟਰ ਲਈ 3.25 ਲੱਖ ਰੁਪਏ ਦਾ ਜਨਰੇਟਰ ਦੇਣ ਦਾ ਐਲਾਨ ਵੀ ਕੀਤਾ। ਇਸ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਪਿੰਡ ਵੱਲੋਂ ਮਾ. ਗੁਰਪ੍ਰੀਤ ਸਿੰਘ ਰੰਧਾਵਾ, ਚੇਅਰਮੈਨ ਮਾ. ਸੁਖਦੇਵ ਸਿੰਘ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਸਰਪੰਚ ਲਖਵਿੰਦਰ ਸਿੰਘ ਰੰਧਾਵਾ ਤੇ ਸਰਪੰਚ ਗੁਰਵੇਲ ਸਿੰਘ ਲਾਲੀ ਨੇ ਉਨ੍ਹਾਂ ਨੂੰ ਸਿਰੀ ਸਾਹਿਬ ਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ।ਸਰਕਾਰੀ ਸਕੂਲ ਵੱਲੋਂ ਜ਼ਿਲਾ ਸਿੱਖਿਆ ਅਫਸਰ ਰਾਕੇਸ਼ ਸ਼ਰਮਾ, ਡੀ.ਐੱਸ.ਸੀ. ਆਸ਼ੂ ਵਿਸ਼ਾਲ ਤੇ ਪ੍ਰਿੰਸੀਪਲ ਮੈਡਮ ਸੁਖਜੀਤ ਕੌਰ ਨੇ ਯਾਦਗਾਰੀ ਚਿੰਨ੍ਹ ਭੇਟ ਕੀਤਾ।ਇਸ ਮੌਕੇ ਹੋਰਨਾਂ ਡਾ. ਅਜੈਪਾਲ ਸਿੰਘ ਰੰਧਾਵਾ, ਰਸ਼ਪਾਲ ਸਿੰਘ ਪਟਵਾਰੀ ਤੇ ਵੱਡੀ ਗਿਣਤੀ 'ਚ ਨਗਰ ਨਿਵਾਸੀ ਮੌਜੂਦ ਸਨ। ਪਿੰਡ 'ਚ ਆਪਣਾ ਜੱਦੀ ਘਰ ਨੂੰ ਨਮਸਕਾਰ ਕਰਦੇ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਨੇ ਬਚਪਨ ਨੂੰ ਯਾਦ ਕਰਕੇ ਦਰਵਾਜ਼ੇ ਨੂੰ ਦੇਖ ਕੇ ਭਾਵੁਕ ਵੀ ਹੋ ਗਏ। ਆਪਣੇ ਸੰਬੋਧਨ 'ਚ ਰਾਜਪਾਲ ਲੈਫਟੀਨੈਂਟ ਜਨਰਲ ਗੁਰਮੀਤ ਸਿੰਘ ਨੇ ਬਚਪਨ ਨੂੰ ਯਾਦ ਕਰਦੇਂ ਹੋਏ ਪਿੰਡ ਵਿੱਚ ਗੁਜ਼ਾਰੇ ਆਪਣੇ ਸਮੇਂ ਦੀਆਂ ਬਹੁਤ ਸਾਰੀਆਂ ਗੱਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਆਪਣੇ ਪਿੰਡ ਪ੍ਰਤੀ ਪਿਆਰ ਦਿਖਾਉਂਦੇ ਹੋਏ ਸਕੂਲ ਵਿਖੇ ਬਣਾਈ ਗਈ ਨਵੀਂ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ ਅਤੇ ਬੱਚਿਆਂ ਲਈ ਆਪਣੇ ਕੋਲ਼ੋਂ ਕਰੀਬ5 ਲੱਖ ਕੀਮਤ ਦੇ ਕੰਪਿਊਟਰ, ਪ੍ਰਿੰਟਰ ਲੈਪਟਾਪ ਤੇ ਨੋਟਪੈਡ ਆਦਿ ਉਪਕਰਨ ਭੇਟ ਕੀਤੇ। ਇਸ ਦੇ ਨਾਲ ਹੀ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਨੂੰ ਨਵੇਂ ਜਰਨੇਟਰ ਲਈ 3,25 ਲੱਖ ਰੁਪਏ ਦਾ ਜਨਰੇਟਰ ਦੇਣ ਦਾ ਐਲਾਨ ਵੀ ਕੀਤਾ। ਇਸ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਪਿੰਡ ਵੱਲੋਂ ਮਾਸਟਰ ਗੁਰਪ੍ਰੀਤ ਸਿੰਘ ਰੰਧਾਵਾ, ਚੇਅਰਮੈਨ ਮਾਸਟਰ ਸੁਖਦੇਵ ਸਿੰਘ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਸਰਪੰਚ ਲਖਵਿੰਦਰ ਸਿੰਘ ਰੰਧਾਵਾ ਠੇਕੇਦਾਰ ਉਸਮਾ, ਸਰਪੰਚ ਗੁਰਵੇਲ ਸਿੰਘ ਲਾਲੀ ਨੇ ਉਨ੍ਹਾਂ ਨੂੰ ਸਿਰੀ ਸਾਹਿਬ ਅਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਸਰਕਾਰੀ ਸਕੂਲ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਕੇਸ਼ ਸ਼ਰਮਾ, ਡੀ ਐਸ ਸੀ ਆਸ਼ੂ ਵਿਸ਼ਾਲ ਅਤੇ ਪ੍ਰਿੰਸੀਪਲ ਮੈਡਮ ਸੁਖਜੀਤ ਕੌਰ ਨੇ ਯਾਦਗਾਰੀ ਚਿੰਨ੍ਹ ਭੇਂਟ ਕੀਤਾ, ਇਸ ਮੌਕੇ ਤੇ ਸੁਖਜੀਤ ਸਿੰਘ ਮਾਨ, ਡਾਕਟਰ ਅਜੈਪਾਲ ਸਿੰਘ ਰੰਧਾਵਾ, ਰਸ਼ਪਾਲ ਸਿੰਘ ਪਟਵਾਰੀ, ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਉਸਮਾ, ਗੁਰਮੀਤ ਸਿੰਘ ਮਾਨ ਆਦਿ ਬਹੁਤ ਗਿਣਤੀ ਵਿੱਚ ਮੋਹਤਬਰ ਹਾਜ਼ਰ ਸਨ।

**ਸਕੂਲ ਨੂੰ ਨਵੀਂ ਕੰਪਿਊਟਰ ਲੈਬ ਲਈ 5 ਲੱਖ ਦੇ ਉਪਕਰਨ ਤੇ ਗੁਰਦੁਆਰਾ ਸਾਹਿਬ ਨੂੰ ਜਨਰੇਟਰ ਲਈ ਦਿੱਤੇ 3.25 ਲੱਖ ਰੁਪਏ**

ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਭਗਵਾਨ ਪਰਸ਼ੂ ਰਾਮ ਜਯੰਤੀ ਸ੍ਰੀ ਹਨੂੰਮਾਨ ਜੀ ਮੰਦਿਰ ਤੂੜੀ ਬਜਾਰ ਫ਼ਿਰੋਜ਼ਪੁਰ ਸ਼ਹਿਰ ਵਿਖੇ

# ਬੜੀ ਸ਼ਰਧਾ ਭਾਵਨਾ ਨਾਲ ਮਨਾਈ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਭਗਵਾਨ ਪਰਸ਼ੂ ਰਾਮ ਜਯੰਤੀ ਸ੍ਰੀ ਹਨੂੰਮਾਨ ਜੀ ਮੰਦਿਰ ਤੂੜੀ ਬਜਾਰ ਫ਼ਿਰੋਜ਼ਪੁਰ ਸ਼ਹਿਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਭਜਨ ਕੀਰਤਨ ਕਰਵਾਏ ਗਏ, ਜਿਸ ਵਿਚ ਮਹਾਂ ਮੰਡਲੇਸ਼ਵਰ 1008 ਸਵਾਮੀ ਕਮਲ ਪੁਰੀ ਜੀ ਵਿਸ਼ੇਸ਼ ਤੌਰ ਤੇ ਪਹੁੰਚੇ, ਜਿਨ੍ਹਾਂ ਨੇ ਪ੍ਰਵਚਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਵੱਖ—ਵੱਖ ਬੁਲਾਰਿਆਂ ਨੇ ਭਗਵਾਨ ਪਰਸ਼ੂ ਰਾਮ ਜੀ ਨੂੰ ਨਿਆਂ ਅਤੇ ਧਰਮ ਦੇ ਰੱਖਿਅਕ ਵਜੋਂ ਯਾਦ ਕੀਤਾ ਅਤੇ ਸਮਾਜ ਭਾਈਚਾਰੇ ਨੂੰ ਇਕ ਜੁੱਟ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਪ੍ਰਧਾਨ ਪੰਡਿਤ ਰਾਜੇਸ਼ ਦੱਤਾ, ਉਮ ਪ੍ਰਕਾਸ਼, ਪ੍ਰੇਮ ਕੁਮਾਰ ਸ਼ਰਮਾ, ਪੰਡਿਤ ਐਸ.ਪੀ ਸ਼ਰਮਾ ਸਰਪ੍ਰਸਤ, ਪੰਡਿਤ ਸ਼ਾਂਤੀ ਭੂਸ਼ਣ ਸ਼ਰਮਾ ਸਰਪ੍ਰਸਤ, ਪੰਡਿਤ ਸੁਰਿੰਦਰ ਸ਼ਰਮਾ ਸਰਪ੍ਰਸਤ, ਪੰਡਿਤ ਵਿਪਨ ਕੁਮਾਰ ਸ਼ਰਮਾ ਸਰਪ੍ਰਸਤ, ਡਾ: ਅਸ਼ਵਨੀ ਕਾਲੀਆ ਸਰਪ੍ਰਸਤ, ਪੰਡਿਤ ਗੌਰਵ ਭਾਸਕਰ ਸਰਪ੍ਰਸਤ, ਪੰਡਿਤ ਰਾਜੇਸ਼ ਪ੍ਰਭਾਕਰ ਸਰਪ੍ਰਸਤ, ਹਰੀਸ਼ ਕੁਮਾਰ ਸ਼ਰਮਾ ਸਰਪ੍ਰਸਤ, ਪੰਡਿਤ ਔਮ ਪ੍ਰਕਾਸ਼ ਸਰਪ੍ਰਸਤ, ਪੰਡਿਤ ਵਿਨੋਦ ਬਾਲੀ ਸਰਪ੍ਰਸਤ, ਪੰਡਿਤ ਸੂਰਜ ਪ੍ਰਕਾਸ਼ ਸ਼ਰਮਾ ਕੈਸ਼ੀਅਰ, ਪੰਡਿਤ ਸੰਜੀਵ ਕੁਮਾਰ ਸ਼ਰਮਾ ਜੁਆਇੰਟ ਸੈਕਟਰੀ, ਪੰਡਿਤ ਹਰੀ ਰਾਮ ਖਿੰਦੜੀ, ਪੰਡਿਤ ਸੁਨੀਲ ਸ਼ਰਮਾ, ਪੰਡਿਤ ਸਤੀਸ਼ ਸ਼ਰਮਾ, ਪੰਡਿਤ ਅਨਿਲ ਖਿੰਦੜੀ, ਪੰਡਿਤ ਹਨੀ ਪ੍ਰਭਾਕਰ, ਪੰਡਿਤ ਅਸ਼ੋਕ ਕੁਮਾਰ ਸ਼ਰਮਾ, ਪੰਡਿਤ ਡਿਪਟੀ ਸ਼ਰਮਾ, ਰਜਿੰਦਰ ਸ਼ਰਮਾ ਤੋਂ ਇਲਾਵਾ ਭਾਰੀ ਗਿਣਤੀ ਵਿਚ ਅਹੁਦੇਦਾਰ, ਮੈਂਬਰ ਅਤੇ ਸੰਗਤਾਂ ਹਾਜ਼ਰ ਸਨ। ਇਸ ਮੌਕੇ ਤੇ ਉੱਘੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਹਾਂ ਮੰਡਲੇਸ਼ਵਰ ਸ੍ਰੀ 1008 ਸਵਾਮੀ ਕਮਲਪੁਰੀ ਮਹਾਰਾਜ ਜੀ ਵੱਲੋਂ ਬ੍ਰਾਹਮਣ ਸਮਾਜ ਨੂੰ ਦਿਸ਼ਾ ਨਿਰਦੇਸ਼ ਦਿੰਦੇ ਹੋਏ ਮਹਾਂ ਪਰਸ਼ੂਰਾਮ ਚਾਲੀਸਾ, ਹਨੂੰਮਾਨ ਚਾਲੀਸਾ ਦਾ ਪਾਠ ਸਵੇਰੇ—ਸ਼ਾਮ ਪੜਣ ਦੀ ਪ੍ਰੇਰਣਾ ਦਿੱਤੀ ਤਾਂ ਜ਼ੋ ਹਰ ਮਨੁੱਖ ਦੇ ਕਸ਼ਟ ਕੱਟੇ ਜਾਣ। ਉਨ੍ਹਾਂ ਕਿਹਾ ਕਿ ਬਿਸਤਰ ਤੋਂ ਉਠਦੇ ਸਮੇਂ ਮਾਂ ਧਰਤੀ ਨੂੰ ਨਮਸਕਾਰ ਕੀਤਾ ਜਾਵੇ ਅਤੇ ਮਾਤਾ—ਪਿਤਾ ਜੀ ਦੀ ਵੀ ਚਰਨ ਸਪਰਸ਼ ਕਰਦੇ ਹੋਏ ਉਨ੍ਹਾਂ ਦਾ ਅਸ਼ੀਰਵਾਦ ਲਿਆ ਜਾਵੇ। ਸਭਾ ਵੱਲੋਂ ਉਨਾਂ ਦਾ ਸਨਮਾਨ ਕੀਤਾ ਗਿਆ ਅਤੇ ਸਾਲ 2026—2028 ਲਈ ਮਹੰਤ ਅਸ਼ਵਨੀ ਕੁਮਾਰ ਦੇਵਗਨ ਜੀ ਨੂੰ ਪ੍ਰਧਾਨ ਚੁਣਿਆ ਗਿਆ ਅਤੇ ਆਪਣੀ ਕਾਰਜਕਾਰਨੀ ਬਣਾਉਣ ਦੇ ਅਧਿਕਾਰ ਦਿੱਤੇ ਗਏ। ਇਸ ਮੌਕੇ ਲੰਗਰ ਭੰਡਾਰੇ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਰਾਜਨੀਤਿਕ ਪਾਰਟੀਆਂ ਆਪੋ ਆਪਣੇ ਕੋਟੇ 'ਚੋਂ 33 ਫੀਸਦੀ ਸੀਟਾਂ ਔਰਤਾਂ ਨੂੰ ਦੇਣ- ਬੀਬੀ ਜਗੀਰ ਕੌਰ

## ਪ੍ਰਧਾਨ ਮੰਤਰੀ ਆਲ ਪਾਰਟੀ ਮੀਟਿੰਗ ਸੱਦਣ, ਔਰਤਾਂ ਨੂੰ 50 ਫੀਸਦੀ ਹਿੱਸਾ ਦਿੱਤਾ ਜਾਵੇ



**ਜਲੰਧਰ,18 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਵਿੱਚ ਔਰਤਾਂ ਨੂੰ 33 ਫੀਸਦੀ ਸੀਟਾਂ ਰਾਖਵੀਆਂ ਕਰਨ ਬਾਰੇ ਬਿੱਲ ਪਾਸ ਨਾ ਹੋਣ 'ਤੇ ਇਸਤਰੀ ਅਕਾਲੀ ਦਲ ( ਪੁਨਰ ਸੁਰਜੀਤ) ਦੀ ਸੂਬਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਆਪਣੀ ਪ੍ਰਤੀਕ੍ਰਿਆ ਦਿੰਦਿਆ ਕਿਹਾ ਕਿ ਸਾਲ 2029 ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਮੌਜੂਦਾ ਸੀਟਾਂ ਵਿੱਚੋਂ ਹੀ 33 ਫੀਸਦੀ ਹਿੱਸਾ ਔਰਤਾਂ ਲਈ ਰਾਖਵਾ ਕੀਤਾ ਜਾਵੇ।ਲੋਕ ਸਭਾ ਵਿੱਚ ਬਿੱਲ ਪਾਸ ਨਾ ਹੋਣ 'ਤੇ ਟਿੱਪਣੀ ਕਰਦਿਆ ਇਸਤਰੀ ਅਕਾਲੀ ਦਲ ਦੀ ਸੂਬਾਈ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਅਕਾਲੀ ਦਲ ਤਾਂ 1920 ਤੋਂ ਆਪਣੀ ਹੋਂਦ ਤੋਂ ਹੀ ਫੈਡਰਲ ਢਾਚੇ ਦਾ ਹਾਮੀ ਰਿਹਾ ਹੈ।ਅਕਾਲੀ ਦਲ ਨੇ ਹੀ ਔਰਤਾਂ ਨੂੰ ਦੇਸ਼ ਵਿੱਚ ਸਭ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਵਿੱਚ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਦ ਕਿ ਉਸ ਵੇਲੇ ਦੇਸ਼ 'ਤੇ ਹਾਕੂਮਤ ਕਰਨ ਵਾਲੇ ਇੰਗਲੈਂਡ ਵਿੱਚ ਹੀ ਔਰਤਾਂ ਨੂੰ ਵੋਟ ਪਾਉਣ ਦਾ ਅਧਿਕਾਰ ਨਹੀਂ ਸੀ।ਇਸ ਤੋਂ ਸਾਬਿਤ ਹੁੰਦਾ ਹੈ ਕਿ ਅਕਾਲੀ ਦਲ ਹਮੇਸ਼ਾਂ ਹੀ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ 'ਤੇ ਪਹਿਰਾ ਦਿੰਦਾ ਆ ਰਿਹਾ ਹੈ ਜਿੰਨ੍ਹਾਂ ਨੇ ਗੁਰਬਾਣੀ ਵਿੱਚ ਔਰਤ ਨੂੰ ਬੜਾ ਉਚਾ ਦਰਜਾ ਦਿੱਤਾ ਹੋਇਆ ਹੈ।ਉਨ੍ਹਾਂ ਇਹ ਮੰਗ ਵੀ ਕੀਤੀ ਕਿ ਔਰਤਾਂ ਨੂੰ 33 ਫੀਸਦੀ ਨਹੀਂ ਸਗੋਂ 50 ਫੀਸਦੀ ਸੀਟਾਂ ਦਿੱਤੀਆਂ ਜਾਣ। ਬੀਬੀ ਜਗੀਰ ਕੌਰ ਨੇ ਕਿਹਾ ਕਿ ਅਚਾਨਕ ਸਪੈਸ਼ਲ ਸ਼ੈਸ਼ਨ ਸੱਦਣ ਪਿੱਛੇ ਰਾਜਨੀਤੀ ਸਾਫ਼ ਝਲਕਦੀ ਹੈ। ਜਦੋਂ ਦੇਸ਼ ਦੇ ਪੰਜਾਂ ਸੂਬਿਆਂ ਵਿੱਚ ਚੋਣ ਪ੍ਰਚਾਰ ਸਿਖ਼ਰ 'ਤੇ ਹੈ ਤਾਂ ਉਨ੍ਹਾਂ ਸੂਬਿਆਂ ਦੇ ਮੈਂਬਰ ਪਾਰਲੀਮੈਂਟ ਚੋਣ ਪ੍ਰਚਾਰ ਵਿੱਚ ਰੁਝੇ ਹੋਏ ਹਨ ਤਾਂ ਅਜਿਹੇ ਮਾਹੌਲ ਵਿੱਚ ਸ਼ੈਸ਼ਨ ਸੱਦਣ ਦਾ ਫੈਸਲਾ ਹੀ ਗਲਤ ਹੈ।ਇਸ ਨੂੰ ਚੋਣਾਂ ਵਿੱਚ ਲਾਹਾ ਲੈਣ ਲਈ ਵਰਤਣਾ ਗਲਤ ਹੈ।ਇਸ ਤੋਂ ਸੱਤਾਧਾਰੀ ਧਿਰ ਦੀ ਨੀਅਤ ਦਾ ਪਤਾ ਲੱਗ ਜਾਂਦਾ ਹੈ। ਬੀਬੀ ਜਗੀਰ ਕੌਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉ ਹਇਸ ਮਹੱਤਵਪੂਰਨ ਬਿੱਲ ਬਾਰੇ ਆਮ ਸਹਿਮਤੀ ਬਚਾਉਣ ਲਈ ਆਲ ਪਾਰਟੀ ਮੀਟਿੰਗ ਸੱਦਣ ਜੀ।ਉਨ੍ਹਾਂ ਕਿਹਾ ਕਿ ਇਹ ਸ਼ੈਸ਼ਨ ਸੱਦਣ ਤੋਂ ਪਹਿਲਾਂ ਹੀ ਆਲ ਪਾਰਟੀ ਮੀਟਿੰਗ ਸੱਦਣੀ ਚਾਹੀਦੀ ਸੀ ਤਾਂ ਜੋ ਇਹ ਨੌਬਤ ਨਾ ਆਉਂਦੀ ਕਿਉਂਕਿ ਸਾਰੀਆਂ ਹੀ ਰਾਜਨੀਤਿਕ ਪਾਰਟੀਆਂ ਔਰਤਾਂ ਨੂੰ 33 ਫੀਸਦੀ ਸੀਟਾਂ ਦੇਣ ਦੇ ਮਾਮਲੇ ਵਿੱਚ ਸਹਿਮਤ ਹਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਹ ਬਿਲ ਪਹਿਲਾਂ ਹ ਿਕਈ ਦਹਾਕਿਆਂ ਤੋਂ ਲਟਕਦਾ ਆ ਰਿਹਾ ਹੈ।ਹੁਣ ਜਦੋਂ ਇਸ ਨੂੰ ਅਮਲ ਰੂਪ ਦੇਣ ਦਾ ਸਮਾਂ ਆਇਆ ਤਾਂ ਬਿਨ੍ਹਾਂ ਗਿਣਤੀ ਮਿਣਤੀ ਕੀਤਿਆ ਇਸ ਨੂੰ ਸਿਰਫ ਰਾਜਨੀਤੀ ਲਈ ਵਰਤਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ 2026 ਹੋਇਆ ਪਾਸ, ਰਾਜਪਾਲ ਵੱਲੋਂ ਦਸਤਖ਼ਤ

## ਬੇਅਦਬੀ ਦੇ ਮਾਮਲਿਆਂ ਖਿਲਾਫ਼ ਸਖ਼ਤ ਕਾਨੂੰਨ ਲਾਗੂ ਹੋਣਾ ਇਤਿਹਾਸਕ ਕਦਮ- ਪ੍ਰੋ. ਬਲਜਿੰਦਰ ਕੌਰ



ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ 2026 'ਤੇ ਪੰਜਾਬ ਦੇ ਮਾਣਯੋਗ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਦਸਤਖ਼ਤ ਵੱਲੋਂ ਦਸਤਖ਼ਤ ਕੀਤੇ ਜਾਣ ਉਪਰੰਤ ਸਿੱਖ ਸੰਗਤਾਂ ਅਤੇ ਧਾਰਮਿਕ ਵਰਗਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਤਲਵੰਡੀ ਸਾਬੋ ਹਲਕੇ ਦੀ ਵਿਧਾਇਕ, ਕੈਬਿਨਟ ਰੈਂਕ ਮੰਤਰੀ ਅਤੇ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਨੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਮਾਨ ਅਤੇ ਸਮੂਹ ਵਿਧਾਇਕਾਂ ਦਾ ਧੰਨਵਾਦ ਕਰਦਿਆਂ ਇਸਨੂੰ ਇਤਿਹਾਸਕ ਅਤੇ ਸਿੱਖ ਕੌਮ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਦੀ ਪੂਰਤੀ ਕਰਾਰ ਦਿੱਤਾ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੇ ਜੀਵੰਤ ਗੁਰੂ ਹਨ ਅਤੇ ਉਨ੍ਹਾਂ ਦੇ ਸਤਿਕਾਰ ਦੀ ਰੱਖਿਆ ਲਈ ਸਖ਼ਤ ਕਾਨੂੰਨ ਬਣਾਉਣਾ ਸਮੇਂ ਦੀ ਵੱਡੀ ਲੋੜ ਸੀ। ਉਨ੍ਹਾਂ ਕਿਹਾ ਕਿ ਇਹ ਸੋਧ ਬਿੱਲ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਉਣ ਵੱਲ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੰਗਤਾਂ ਦੀ ਭਾਵਨਾ ਦਾ ਸਤਿਕਾਰ ਕਰਦਿਆਂ ਇਹ ਕਦਮ ਚੁੱਕਿਆ ਹੈ ਅਤੇ ਇਹ ਕਾਨੂੰਨ ਧਾਰਮਿਕ ਅਸਥਾਵਾਂ ਅਤੇ ਗੁਰੂ ਸਾਹਿਬਾਨ ਦੇ ਸਤਿਕਾਰ ਦੀ ਰੱਖਿਆ ਲਈ ਮਜ਼ਬੂਤ ਢਾਲ ਸਾਬਤ ਹੋਵੇਗਾ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਬੇਅਦਬੀ ਵਰਗੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਹੁਣ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਹੋਣ ਨਾਲ ਅਜਿਹੀਆਂ ਘਟਨਾਵਾਂ 'ਤੇ ਰੋਕ ਲੱਗੇਗੀ ਅਤੇ ਦੋਸ਼ੀਆਂ ਵਿੱਚ ਕਾਨੂੰਨ ਦਾ ਡਰ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇਕ ਕਾਨੂੰਨ ਨਹੀਂ, ਸਗੋਂ ਸਿੱਖ ਭਾਵਨਾਵਾਂ, ਧਾਰਮਿਕ ਮਰਯਾਦਾ ਅਤੇ ਗੁਰੂ ਘਰ ਦੇ ਸਤਿਕਾਰ ਦੀ ਰੱਖਿਆ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਵਾਅਦਾ ਕੀਤਾ ਸੀ, ਉਸ ਨੂੰ ਪੂਰਾ ਕਰਕੇ ਇਤਿਹਾਸ ਰਚਿਆ ਹੈ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਸੰਗਤਾਂ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਲਿਆ ਗਿਆ ਇਹ ਫੈਸਲਾ ਪੰਜਾਬ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਨਾਲ ਲਿਖਿਆ ਜਾਵੇਗਾ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਅਤੇ ਸਿੱਖ ਸੰਗਤਾਂ ਨੂੰ ਇਸ ਇਤਿਹਾਸਕ ਕਦਮ ਲਈ ਵਧਾਈ ਵੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV


# ਵਿਸ਼ਵ ਭਾਈ ਮਰਦਾਨਾ ਸੁਸਾਇਟੀ ਵੱਲੋਂ ਸਰਬਜੀਤ ਸਿੰਘ ਛਾਬੜਾ ਦੇ ਦੇਹਾਂਤ ਤੇ ਦੁੱਖ ਦਾ ਪ੍ਰਗਟ



ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਅੱਜ ਸਵੇਰੇ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪੁਰਾਣੇ ਸਹਿਯੋਗੀ ਅਤੇ ਸਰਦਾਰ ਹਰਪਾਲ ਸਿੰਘ ਭੁੱਲਰ ਦੇ ਪਰਮ ਮਿੱਤਰ ਸਰਦਾਰ ਸਰਬਜੀਤ ਸਿੰਘ ਛਾਬੜਾ ਅਕਾਲ ਚਲਾਣਾ ਕਰ ਗਏ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਵਿਸ਼ਵ ਭਾਈ ਮਰਦਾਨਾ ਸੋਸਾਇਟੀ 1993 ਤੋਂ ਧਾਰਮਿਕ, ਸਮਾਜਿਕ ਪ੍ਰੋਗਰਾਮ ਅਤੇ ਧਾਰਮਿਕ ਦੀਵਾਨ ਕੀਰਤਨ ਦਰਬਾਰ ਕਰਵਾਉਂਦੀ ਆ ਰਹੀ ਹੈ ਸਰਦਾਰ ਸਰਬਜੀਤ ਸਿੰਘ ਛਾਬੜਾ ਸ਼ੁਰੂ ਤੋਂ ਹੀ ਸੁਸਾਇਟੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਮਾਜਿਕ ਅਤੇ ਧਾਰਮਿਕ ਕੰਮ ਕਰਦੇ ਆ ਰਹੇ ਸਨ। ਉਨ੍ਹਾਂ ਕਿਹਾ ਕਿ ਸੁਸਾਇਟੀ ਵੱਲੋਂ ਲੋੜਵੰਦ ਲੜਕੀਆਂ ਦੇ ਵਿਆਹ ਕੀਤੇ ਜਾਂਦੇ ਸੀ ਅਤੇ ਛਾਬੜਾ ਸਾਹਿਬ ਉਨ੍ਹਾਂ ਲੜਕੀਆਂ ਨੂੰ ਘਰ ਵਿੱਚ ਲੋੜੀਂਦਾ ਸਮਾਨ ਦੇਣ ਲਈ ਕਈ ਦਾਨੀ ਸੱਜਣਾਂ ਨਾਲ ਗੱਲਬਾਤ ਕਰਦੇ ਸਨ ਅਤੇ ਸੋਸਾਇਟੀ ਦੀ ਮਦਦ ਵੀ ਕਰਵਾਉਂਦੇ ਸਨ। ਪਿਛਲੇ ਕੁਝ ਮਹੀਨਿਆਂ ਤੋਂ ਉਨ੍ਹਾਂ ਦੀ ਸਿਹਤ ਠੀਕ ਨਹੀਂ ਸੀ ਚੂਲਾ ਟੁੱਟ ਜਾਣ ਕਾਰਨ ਆਪਰੇਸ਼ਨ ਹੋਇਆ ਉਸ ਤੋਂ ਬਾਅਦ ਬੈਡ ਰੈਸਟ ਹੀ ਸੀ। ਵਿਸ਼ਵ ਭਾਈ ਮਰਦਾਨਾ ਸੁਸਾਇਟੀ ਸਰਦਾਰ ਸਰਬਜੀਤ ਸਿੰਘ ਛਾਬੜਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀ ਤੇ ਪਰਮਾਤਮਾ ਅੱਗੇ ਅਰਦਾਸ ਕਰਦੀ ਹੈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ। ਸੋਸਾਇਟੀ ਇਕਬਾਲ ਸਿੰਘ ਛਾਬੜਾ ਇੰਪੀ, ਹਰਸਿਮਰਨ ਸਿੰਘ ਛਾਬੜਾ, ਜਸ਼ਨਪ੍ਰੀਤ ਸਿੰਘ ਛਾਬੜਾ ਅਤੇ ਸਮੂਹ ਛਾਬੜਾ ਪਰਿਵਾਰ ਨਾਲ ਅਫਸੋਸ ਪ੍ਰਗਟ ਕਰਦੀ ਹੈ। ਇਸ ਮੌਕੇ ਹਰਜੀਤ ਸਿੰਘ ਧਾਲੀਵਾਲ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਪਰਮਜੀਤ ਸਿੰਘ ਔਲਖ, ਰਣਬੀਰ ਸਿੰਘ ਰਾਣਾ, ਨਿਰਮਲ ਸਿੰਘ, ਬਲਜਿੰਦਰ ਸਿੰਘ ਬੱਬੂ ਹੁਸੈਨੀ ਵਾਲਾ, ਰਜੇਸ਼ ਕੁਮਾਰ ਕਾਲੀ, ਸੋਹਨ ਸਿੰਘ, ਜਤਿੰਦਰ ਸਿੰਘ, ਸਵਰਨ ਸਿੰਘ ਸੁਹਾਨਾ, ਹਰਜੀਤ ਸਿੰਘ, ਮੋਹਨ ਸਿੰਘ, ਹਰਦੀਪ ਸਿੰਘ ਰਾਜੀਵਾਲਾ, ਗੁਰਮੀਤ ਸਿੰਘ ਔਲਖ, ਗੁਰਚਰਨ ਸਿੰਘ ਕਾਲੜਾ ਵੱਲੋਂ ਅਫਸੋਸ ਪ੍ਰਗਟ ਕੀਤਾ ਗਿਆ।

ਅਕਾਲ ਯੂਨੀਵਰਸਿਟੀ ਵਿਚ

# ਪੰਜਵੀਂ ਕਨਵੋਕੇਸ਼ਨ ਸਫ਼ਲਤਾ ਨਾਲ ਮੁਕੰਮਲ









**ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਵਿਚ ਪੰਜਵੀਂ ਕਨਵੋਕੇਸ਼ਨ ਦਾ ਆਯੋਜਨ ਕੀਤਾ ਗਿਆ, ਜਿਸਦੀਆਂ ਤਿਆਰੀਆਂ ਪਿਛਲੇ ਕਈ ਦਿਨਾਂ ਤੋਂ ਬੜੇ ਉਤਸ਼ਾਹ ਨਾਲ ਹੋ ਰਹੀਆਂ ਸਨ। ਇਸ ਸਮਾਗਮ ਵਿਚ ਕਲਗੀਧਰ ਟਰੱਸਟ ਦੇ ਪ੍ਰਧਾਨ ਅਤੇ ਅਕਾਲ ਯੂਨੀਵਰਸਿਟੀ ਦੇ ਚਾਂਸਲਰ ਮਾਣਯੋਗ ਬਾਬਾ (ਡਾ.) ਦਵਿੰਦਰ ਸਿੰਘ ਜੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਗਾਇਣ ਦੀ ਰਸਮ ਨਾਲ ਹੋਈ। ਚਾਂਸਲਰ ਸਾਹਿਬ ਦੀ ਆਗਿਆ ਮਿਲਣ ਤੋਂ ਬਾਅਦ ਕਨਵੋਕੇਸ਼ਨ ਦੀ ਕਾਰਵਾਈ ਸ਼ੁਰੂ ਕੀਤੀ ਗਈ। ਰਜਿਸਟਰਾਰ ਪ੍ਰੋ. ਸਵਰਨ ਸਿੰਘ ਨੇ ਮੰਚ ਤੋਂ ਨਿਸ਼ਚਿਤ ਯੋਜਨਾ ਅਨੁਸਾਰ ਸੰਬੰਧਿਤ ਦਿਸ਼ਾ ਨਿਰਦੇਸ਼ ਦਿੱਤੇ। ਸਹੁੰ ਚੁੱਕਣ ਦੀ ਰਸਮ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਜੀ.ਐੱਸ. ਲਾਂਬਾ ਵੱਲੋਂ ਕਰਵਾਈ ਗਈ। ਯੂਨੀਵਰਸਿਟੀ ਦੇ ਮਾਣਯੋਗ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਸਵਾਗਤੀ ਸ਼ਬਦਾਂ ਤੋਂ ਬਾਅਦ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਵਿਭਿੰਨ ਪ੍ਰਾਪਤੀਆਂ ਸੰਬੰਧੀ ਰਿਪੋਰਟ ਪੇਸ਼ ਕੀਤੀ। ਉਹਨਾਂ ਨੇ ਸਾਲ 2024-25 ਦੌਰਾਨ ਸ਼ੁਰੂ ਕੀਤੇ ਨਵੇਂ ਕੋਰਸਾਂ ਦੀ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਲੋੜਵੰਦ ਵਿਦਿਆਰਥੀਆਂ ਦੀ ਯੂਨੀਵਰਸਿਟੀ ਵੱਲੋਂ ਕੀਤੀ ਜਾ ਰਹੀ ਵੱਖ ਵੱਖ ਢੰਗਾਂ ਨਾਲ ਆਰਥਿਕ ਸਹਾਇਤਾ ਬਾਰੇ ਵੀ ਦੱਸਿਆ। ਉਹਨਾਂ ਨੇ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਪਰੰਤ ਯੂਨੀਵਰਸਿਟੀ ਦੇ ਚਾਂਸਲਰ ਬਾਬਾ (ਡਾ.) ਦਵਿੰਦਰ ਸਿੰਘ ਜੀ ਨੇ ਕਨਵੋਕੇਸ਼ਨ ਦੇ ਪ੍ਰਸੰਗ ਵਿਚ ਆਪਣੇ ਵਿਚਾਰ ਸਾਂਝੇ ਕੀਤੇ। ਉਹਨਾਂ ਨੇ ਵਿਸ਼ੇਸ਼ ਤੌਰ ਉੱਤੇ ਸੰਸਾਰਿਕ ਤੇ ਅਧਿਆਤਮਿਕ ਵਿਦਿਆ ਦੇ ਸੁਮੇਲ ਸੰਬੰਧੀ ਯੂਨੀਵਰਸਿਟੀ ਮਿਸ਼ਨ ਦੇ ਪ੍ਰਸੰਗ ਵਿਚ ਉਦਾਹਰਣਾਂ ਸਹਿਤ ਚਰਚਾ ਕੀਤੀ। ਉਹਨਾਂ ਨੇ ਸੰਤ ਬਾਬਾ ਅਤਰ ਸਿੰਘ ਜੀ, ਸੰਤ ਤੇਜਾ ਸਿੰਘ ਜੀ ਅਤੇ ਸੰਤ ਬਾਬਾ ਇਕਬਾਲ ਸਿੰਘ ਜੀ ਦੇ ਪ੍ਰੇਰਣਾਮਈ ਜੀਵਨ ਪ੍ਰਸੰਗਾਂ ਦਾ ਬਿਆਨ ਬੜੇ ਰੋਚਕ ਅੰਦਾਜ਼ ਵਿਚ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਸੇਵਾ, ਸਿਮਰਨ, ਦਇਆ, ਸੰਤੋਖ ਤੇ ਸਹਿਣਸ਼ੀਲਤਾ ਨੂੰ ਜੀਵਨ ਵਿਚ ਅਪਣਾਉਣ ਦੀ ਸਿੱਖਿਆ ਦਿੱਤੀ। ਇਸ ਤੋਂ ਬਾਅਦ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਤੋਂ ਵੱਖ-ਵੱਖ ਕੋਰਸਾਂ ਦੀ ਵਿੱਦਿਆ ਗ੍ਰਹਿਣ ਕਰ ਚੁਕੇ 267 ਵਿਦਿਆਰਥੀਆਂ ਅਤੇ ਪੀਐੱਚ.ਡੀ ਖੋਜਾਰਥੀਆਂ ਨੂੰ ਤਰਤੀਬ ਸਹਿਤ ਡਿਗਰੀਆਂ ਅਤੇ ਯੂਨੀਵਰਸਿਟੀ ਮੈਡਲ ਦਿੱਤੇ ਗਏ। ਮੰਚ ਸੰਚਾਲਨ ਦੀ ਭੂਮਿਕਾ ਡਾ. ਰਮਨਦੀਪ ਕੌਰ ਨੇ ਨਿਭਾਈ। ਸਾਰੇ ਵਿਭਾਗਾਂ ਦੇ ਅਧਿਆਪਕਾਂ ਨੇ ਨਿਯਤ ਕੀਤੀਆਂ ਜ਼ਿੰਮੇਵਾਰੀਆਂ ਉਤਸ਼ਾਹ ਨਾਲ ਨਿਭਾਈਆਂ, ਜਿਸ ਨਾਲ ਕਨਵੋਕੇਸ਼ਨ ਦੀਆਂ ਸਾਰੀਆਂ ਗਤੀਵਿਧੀਆਂ ਸੁਚਾਰੂ ਰੂਪ ਵਿਚ ਚਲਦੀਆਂ ਰਹੀਆਂ। ਅੰਤ ਵਿਚ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ.ਜੀ.ਐਸ ਲਾਂਬਾ ਨੇ ਯੂਨੀਵਰਸਿਟੀ ਦੀ ਇਸ ਪੰਜਵੀਂ ਕਨਵੋਕੇਸ਼ਨ ਦੀ ਸਫ਼ਲਤਾ ਲਈ ਸਭ ਨੂੰ ਵਧਾਈ ਦਿੰਦਿਆਂ ਧੰਨਵਾਦ ਦੀ ਰਸਮ ਅਦਾ ਕੀਤੀ। ਯੂਨੀਵਰਸਿਟੀ ਦੇ ਚਾਂਸਲਰ ਬਾਬਾ (ਡਾ.) ਦਵਿੰਦਰ ਸਿੰਘ ਜੀ ਵੱਲੋਂ ਕਨਵੋਕੇਸ਼ਨ ਦੀ ਸਮਾਪਤੀ ਦੀ ਘੋਸ਼ਣਾ ਤੋਂ ਬਾਅਦ ਰਾਸ਼ਟਰ ਗਾਨ ਹੋਇਆ। ਦੂਰੋਂ-ਨੇੜਿਓਂ ਆਪਣੀ ਡਿਗਰੀ ਲੈਣ ਆਇਆ ਹਰ ਵਿਦਿਆਰਥੀ ਪੂਰਨ ਸਹਿਯੋਗ ਦਿੰਦਿਆਂ ਬੜੇ ਉਤਸ਼ਾਹ ਨਾਲ ਕਨਵੋਕੇਸ਼ਨ ਦਾ ਹਿੱਸਾ ਬਣਿਆ। ਇਸ ਮੌਕੇ ਯੂਨੀਵਰਸਿਟੀ ਰਜਿਸਟਰਾਰ ਪ੍ਰੋ. ਸਵਰਨ ਸਿੰਘ ਸਹਿਤ ਸਾਰੇ ਪ੍ਰਬੰਧਕਾਂ ਤੋਂ ਇਲਾਵਾ ਸਾਰੇ ਵਿਭਾਗਾਂ ਦੇ ਅਧਿਆਪਕ ਹਾਜ਼ਰ ਰਹੇ।

ਪਰਸ਼ੂਰਾਮ ਜੈਯੰਤੀ ਮੌਕੇ ਦੋਸਤ ਵੈਲਫੇਅਰ ਸੁਸਾਇਟੀ ਨੇ ਲਾਇਆ

# ਮੁਫ਼ਤ ਮੁੱਢਲੀ ਸਹਾਇਤਾ ਤੇ ਸਿਹਤ ਜਾਂਚ ਕੈਂਪ




**ਤਲਵੰਡੀ ਸਾਬੋ, 19 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਭਗਵਾਨ ਪਰਸ਼ੂਰਾਮ ਜੈਯੰਤੀ ਮੌਕੇ ਦੋਸਤ ਵੈਲਫੇਅਰ ਸੁਸਾਇਟੀ (ਰਜਿ.) ਬਠਿੰਡਾ ਵੱਲੋਂ ਸ਼ਰਧਾਲੂਆਂ ਦੀ ਸੇਵਾ ਲਈ ਪ੍ਰਧਾਨ ਰਮੇਸ਼ ਕੁਮਾਰ ਗਰਗ ਦੀ ਰਹਿਨੁਮਾਈ ਹੇਠ ਮੰਦਰ ਸ਼੍ਰੀ ਬਾਲਾ ਜੀ ਨੈਸ਼ਨਲ ਕਲੋਨੀ ਬਠਿੰਡਾ ਵਿਖੇ ਮੁਫ਼ਤ ਮੁੱਢਲੀ ਸਹਾਇਤਾ ਅਤੇ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਫਾਰਮਾਸਿਸਟ ਮਨਦੀਪ ਕੁਮਾਰ, ਅਸ਼ੋਕ ਬਾਲਿਆਂਵਾਲੀ ਤੇ ਰਾਜਿੰਦਰ ਸਿੰਗਲਾ ਦੀ ਦੇਖਰੇਖ ਹੇਠ ਲਗਭਗ 800 ਸ਼ਰਧਾਲੂਆਂ ਦਾ ਮੈਡੀਕਲ ਚੈੱਕਅੱਪ ਕੀਤਾ ਗਿਆ ਜਦਕਿ ਕਈਆਂ ਨੂੰ ਲੋੜ ਪੈਣ 'ਤੇ ਮੌਕੇ 'ਤੇ ਹੀ ਮੱਲ੍ਹਮ ਪੱਟੀ ਤੋਂ ਇਲਾਵਾ ਮੁੱਢਲੀ ਮੈਡੀਕਲ ਸਹਾਇਤਾ ਵੀ ਦਿੱਤੀ ਗਈ। ਕੈਂਪ ਬਾਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਗਰਗ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹਰ ਸਾਲ ਪਰਸ਼ੂਰਾਮ ਜੈਯੰਤੀ ਮੌਕੇ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾਂਦਾ ਹੈ ਅਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਜਾਂਦੀਆਂ ਹਨ। ਸੁਸਾਇਟੀ ਦੇ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਸੁਸਾਇਟੀ ਲਗਭਗ ਤਿੰਨ ਦਹਾਕਿਆਂ ਤੋਂ ਲੋਕ ਹਿੱਤ ਵਿੱਚ ਕੰਮ ਕਰ ਰਹੀ ਹੈ। ਪਿਛਲੇ ਦਿਨੀਂ ਪੰਜਾਬ 'ਚ ਆਏ ਹੜ੍ਹਾਂ ਮੌਕੇ ਸੁਸਾਇਟੀ ਦੇ ਕਾਰਜਕਰਤਾਵਾਂ ਵੱਲੋਂ ਫਾਜਿਲਕਾ ਵਿਖੇ ਸਥਾਨਕ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਹੜ੍ਹ ਪੀੜ੍ਹਤਾਂ ਦੇ ਘਰ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਇਸ ਤੋਂ ਇਲਾਵਾ ਲੋੜਵੰਦ ਹੋਣਹਾਰ ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ ਅਤੇ ਉਨ੍ਹਾਂ ਦੀ ਫੀਸ ਦਾ ਪ੍ਰਬੰਧ ਵੀ ਕੀਤਾ ਗਿਆ। ਉਨ੍ਹਾਂ ਸੁਸਾਇਟੀ ਵੱਲੋਂ ਮੇਲਾ ਮਾਈਸਰਖਾਨਾ ਵਿਖੇ ਮਾਤਾ ਦੇ ਨਵਰਾਤਰਿਆਂ ਮੌਕੇ ਸਾਲ 'ਚ ਦੋ ਵਾਰ ਲਗਾਏ ਜਾਣ ਵਾਲੇ ਮੈਡੀਕਲ ਚੈੱਕਅੱਪ ਕੈਂਪ ਅਤੇ ਦਿੱਤੀ ਜਾਂਦੀ ਐਂਬੂਲੈਂਸ ਦੀ ਸਹਾਇਤਾ ਦੀ ਗੱਲ ਵੀ ਰੱਖੀ। ਅੱਜ ਦੇ ਕੈਂਪ ਦੌਰਾਨ ਸੁਸਾਇਟੀ ਦੇ ਕਾਰਜਕਰਤਾ ਅਨਿਲ ਕੁਮਾਰ, ਰਮਣੀਕ ਵਾਲੀਆ, ਰਾਕੇਸ਼ ਗੋਇਲ, ਲਵਲੀਨ ਸਚਦੇਵਾ, ਅਨੂਪ ਗਰਗ, ਪ੍ਰੇਮ ਕੁਮਾਰ ਗਰਗ ਪ੍ਰਧਾਨ ਸਨਾਤਨ ਧਰਮ ਮਹਾਂਵੀਰ ਦਲ ਬਠਿੰਡਾ, ਅਸ਼ੋਕ ਕਾਂਸਲ ਅਤੇ ਸੋਮ ਨਾਥ ਦਾ ਵਿਸ਼ੇਸ਼ ਸਹਿਯੋਗ ਰਿਹਾ।

# ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੱਟ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੱਟ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗਿਆਨੀ ਸੁਖਜੀਤ ਸਿੰਘ ਖਾਲਸਾ ਜਥਾ ਫ਼ਿਰੋਜ਼ਪੁਰ ਵਾਲੇ, ਰਾਗੀ ਭਾਹੀ ਨਿਰਮਲ ਸਿੰਘ ਖਾਲਸਾ ਫ਼ਿਰੋਜ਼ਪੁਰੀ, ਬਾਬਾ ਪਿਆਰਾ ਸਿੰਘ ਧਰਮਕੋਟ ਵਾਲੇ, ਭਾਈ ਅੰਮ੍ਰਿਤਪ੍ਰੀਤ ਸਿੰਘ ਫ਼ਿਰੋਜ਼ਪੁਰ, ਭਾਈ ਹਰਮੀਤ ਸਿੰਘ ਨੱਥੂਵਾਲਾ, ਬੀਬੀ ਦਲਜੀਤ ਕੌਰ ਖਾਲਸਾ ਕਥਾਵਾਚਕ ਅਰਮਾਨਪੁਰਾ ਵਾਲੇ ਢਾਡੀ ਜਥਾ ਭਾਈ ਬੋਹੜ ਸਿੰਘ ਬਾਰੇਕੇ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਬੱਚੇ—ਬੱਚੀਆਂ ਨੇ ਵੀ ਸ਼ਬਦ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ—ਧੀਆਂ ਬਣੋ ਅਤੇ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰੋ। ਇਸ ਮੌਕੇ ਤੇ ਬਾਬਾ ਜੀ ਨੇ ਧੰਨ—ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਲੱਖ—ਲੱਖ ਵਧਾਈ ਦਿੱਤੀ ਅਤੇ ਨਾਲ ਹੀ ਭਗਤ ਧੰਨਾ ਜੱਟ ਜੀ ਦੇ ਜਨਮ ਦਿਹਾੜੇ ਦੀਆਂ ਸੰਗਤਾਂ ਨੂੰ ਲੱਖ—ਲੱਖ ਵਧਾਈ ਦਿੱਤੀ ਅਤੇ ਸਮੂਹ ਆਏ ਹੋਏ ਸੰਤ ਮਹਾਂਪੁਰਖ, ਰਾਗੀ, ਢਾਡੀ ਕਥਾਵਾਚਕ ਜਥਿਆਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਗੁਰੂ ਚਰਨਾਂ ਵਿਚ ਹਾਜ਼ਰੀ ਲੁਆਈ। ਇਸ ਮੌਕੇ ਭਾਈ ਨਿਰਵੈਰ ਸਿੰਘ ਨੇ ਸਮਾਪਤੀ ਦੀ ਅਰਦਾਸ ਕੀਤੀ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਹੇ ਸੱਚੇ ਪਾਤਸ਼ਾਹ ਮਹਾਂਪੁਰਖ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਦੇ ਸਰੀਰ ਤੇ ਜ਼ੋ ਕਸ਼ਟ ਆਇਆ ਹੈ, ਉਹ ਜਲਦੀ ਤੋਂ ਜਲਦੀ ਦੂਰ ਕਰੋ ਤਾਂ ਜ਼ੋ ਉਹ ਦੁਬਾਰਾ ਸੰਗਤਾਂ ਨੂੰ ਨਾਮ ਬਾਣੀ ਨਾਲ ਜ਼ੋੜਣ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਇਨਸਾਨੀਅਤ ਸੇਵਾ ਦਲ ਵੱਲੋਂ 31ਵੀਂ ਵਰ੍ਹੇਗੰਢ ਮੰਦਰ ਸ੍ਰੀ ਨੀਲਕੰਠ ਵਿਖੇ ਸ਼ਰਧਾ ਭਾਵਨਾ ਨਾਲ ਮਨਾਈ





**ਫ਼ਿਰੋਜ਼ਪੁਰ, 19 ਅਪ੍ਰੈਲ (ਮਨੋਹਰ ਲਾਲ) :—** ਸਮਾਜ ਸੇਵੀ ਕਾਰਜਾਂ ਵਿਚ ਹਮੇਸ਼ਾ ਮੋਹਰੀ ਰਹਿਣ ਵਾਲੀ ਸੰਸਥਾ ਇਨਸਾਨੀਅਤ ਸੇਵਾ ਦਲ ਵੱਲੋਂ ਆਪਣੀ 31ਵੀਂ ਵਰ੍ਹੇਗੰਢ ਮੰਦਰ ਸ੍ਰੀ ਨੀਲ ਕੰਠ ਨਜਦੀਕ ਨੂਰਸ਼ਾਹ ਵਲੀ ਫ਼ਿਰੋਜ਼ਪੁਰ ਸ਼ਹਿਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ। ਇਸ ਮੌਕੇ ਤੇ 18 ਅਪ੍ਰੈਲ ਤੋਂ ਚੱਲ ਰਹੇ ਸ੍ਰੀ ਰਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ, ਭੋਗ ਉਪਰੰਤ ਭਜਨ ਕੀਰਤਨ ਕਰਵਾਏ ਗਏ। ਇਸ ਮੌਕੇ ਤੇ ਪੰਡਿਤ ਤ੍ਰਿਪਾਠੀ ਸ਼ਿਵਾਲੇ ਮੰਦਰ ਵਾਲਿਆਂ ਨੇ ਆਪਣੀ ਸੁਰੀਲੀ ਆਵਾਜ਼ ਨਾਲ ਭਜਨਾਂ ਅਤੇ ਕੀਰਤਨ ਰਾਹੀਂ ਆਈਅ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਇਨਸਾਨੀਅਤ ਸੇਵਾ ਦਲ ਦੇ ਚੇਅਰਮੈਨ ਅਸ਼ੋਕ ਕਟਾਰੀਆ, ਪ੍ਰਧਾਨ ਰਮਨ ਵਧਵਾ, ਸੰਜੀਵ ਸ਼ਰਮਾ ਸੀਨੀਅਰ ਵਾਈਸ ਪ੍ਰਧਾਨ, ਰਜਿੰਦਰ ਸ਼ਰਮਾ ਵਾਈਸ ਪ੍ਰਧਾਨ, ਰਮੇਸ਼ ਸ਼ਰਮਾ ਸਕੱਤਰ, ਰਜਿੰਦਰ ਸ਼ਰਮਾ ਸ਼ਾਮਾ ਪ੍ਰਬੰਧਕ, ਸੰਜੀਵ ਸਚਦੇਵਾ ਕੈਸ਼ੀਅਰ, ਰਾਜਨ ਗਰੋਵਰ ਆਡੀਟਰ, ਲਵਿਸ਼ ਧਵਨ ਸਟੋਰ ਕੀਪਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ। ਇਸ ਮੌਕੇ ਤੇ ਸ੍ਰੀ ਸੁਸ਼ੀਲ ਸ਼ਰਮਾ ਬਿਟਾ, ਐਸ.ਡੀ.ਓ, ਪ੍ਰਿਥਵੀ ਪੁੱਗਲ ਵਕੀਲ ਵੀ ਹਾਜ਼ਰਸਨ। ਇਸ ਮੌਕੇ ਤੇ ਸ੍ਰੀ ਅਸ਼ੋਕ ਕਟਾਰੀਆ ਚੇਅਰਮੈਨ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਮਨੁੱਖਤਾ ਦੀ ਸੇਵਾ ਤਨ, ਮਨ, ਧੰਨ ਨਾਲ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਪ੍ਰਧਾਨ ਸ੍ਰੀ ਰਮਨ ਵਧਵਾ ਨੇ ਕਿਹਾ ਕਿ ਇਨਸਾਨੀਅਤ ਸੇਵਾ ਦਲ ਨੂੰ 31 ਸਾਲ ਹੋ ਗਏ ਹਨ ਅਤੇ ਅੱਜ ਅਸੀਂ 31ਵੀਂ ਵਰ੍ਹੇਗੰਢ ਮਨਾ ਰਹੇ ਹਾਂ। ਉਨ੍ਹਾਂ ਕਿਹਾ ਕਿਮ ਨੁੱਖਤਾ ਦੀ ਸੇਵਾ ਤੋਂ ਉਪਰ ਕੋਈ ਸੇਵਾ ਨਹੀਂ ਹੈ, ਸਾਨੂੰ ਅੱਗੇ ਹੋ ਕੇ ਇਹ ਕਾਰਜ ਕਰਨੇ ਚਾਹੀਦੇ ਹਨ। ਇਸ ਮੌਕੇ ਤੇ ਸ੍ਰੀ ਰਮੇਸ਼ ਸ਼ਰਮਾ ਸੈਕਟਰੀ ਨੇ ਕਿਹਾ ਕਿ ਅਸੀਂ ਜਿਨ੍ਹਾਂ ਸੱਜਣਾਂ ਨੇ ਸਾਨੂੰ ਸਹਿਯੋਗ ਦਿੱਤਾ, ਅਸੀਂ ਉਨ੍ਹਾਂ ਦੇ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕਰਦੇ ਹਾਂ ਅਤੇ ਅੱਗੇ ਤੋਂ ਵੀ ਆਸ ਲਈ ਸਹਿਯੋਗ ਚਾਹੁੰਦੇ ਹਾਂ। ਇਸ ਮੌਕੇ ਤੇ ਅੰਨ ਦਾ ਭੰਡਾਰਾ ਸੰਗਤਾਂ ਵਿਚ ਵਰਤਾਇਆ ਗਿਆ।

### ਜਗਰਾਉਂ ਮੰਡੀ ਦਾ ਸਾਬਕਾ ਵਿਧਾਇਕ ਐੱਸ.ਆਰ. ਕਲੇਰ ਨੇ ਕੀਤਾ ਦੌਰਾ

# ਐੱਸ.ਡੀ.ਐੱਮ. ਨੂੰ ਖ਼ਰੀਦ, ਲਿਫ਼ਟਿੰਗ, ਬਾਰਦਾਨਾ ਤੇ ਅਦਾਇਗੀ 'ਚ ਤੇਜ਼ੀ ਲਿਆਉਣ ਲਈ ਕਿਹਾ





**ਜਗਰਾਉਂ, (ਵਰਿਆਮ ਹਠੂਰ)** - ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ਼੍ਰੀ ਐੱਸ.ਆਰ. ਕਲੇਰ ਵੱਲੋਂ ਆਪਣੇ ਸਾਥੀਆਂ ਨਾਲ ਜਗਰਾਉਂ ਮੁੱਖ ਦਾਨਾ ਮੰਡੀ ਦਾ ਦੌਰਾ ਕੀਤਾ। ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸ੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਕਿਸਾਨਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਮੰਡੀ 'ਚ ਖ਼ਰੀਦ, ਲਿਫ਼ਟਿੰਗ, ਬਾਰਦਾਨਾ ਅਤੇ ਅਦਾਇਗੀ ਦੀ ਸਮੱਸਿਆ ਹੈ। ਉਨ੍ਹਾਂ ਇਸ ਸਬੰਧੀ ਆੜ੍ਹਤੀਆਂ, ਆਪਣੇ ਸਾਥੀਆਂ ਦੀ ਹਾਜ਼ਰੀ 'ਚ ਐੱਸ.ਡੀ.ਐੱਮ. ਜਗਰਾਉਂ ਨਾਲ ਇਨ੍ਹਾਂ ਸਮੱਸਿਆਵਾਂ ਸਬੰਧੀ ਗੱਲਬਾਤ ਕੀਤੀ। ਉਨ੍ਹਾਂ ਐੱਸ.ਡੀ.ਐੱਮ. ਨੂੰ ਇਨ੍ਹਾਂ ਕੰਮਾਂ 'ਚ ਤੇਜ਼ੀ ਲਿਆਉਣ ਲਈ ਕਿਹਾ। ਐੱਸ.ਡੀ.ਐੱਮ. ਜਗਰਾਉਂ ਨੇ ਇਸ ਸਬੰਧੀ ਤੁਰੰਤ ਸਬੰਧਿਤ ਖ਼ਰੀਦ ਏਜੰਸੀਆਂ ਨਾਲ ਗੱਲਬਾਤ ਕੀਤੀ। ਸਾਬਕਾ ਵਿਧਾਇਕ ਕਲੇਰ ਨੇ ਕਿਹਾ ਕਿ ਜਗਰਾਉਂ ਮੁੱਖ ਮੰਡੀ 'ਚ ਲਿਫਟਿੰਗ ਨਾ ਹੋਣ ਕਰਕੇ ਬੋਰੀਆਂ ਦੇ ਅੰਬਾਰ ਲੱਗ ਰਹੇ ਹਨ, ਸਰਕਾਰ ਇਸ ਨੂੰ ਚੁੱਕਣ ਦਾ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਕਿਸਾਨਾਂ ਨੂੰ ਮੰਡੀਆਂ 'ਚ ਕੋਈ ਸਮੱਸਿਆ ਨਾ ਆਵੇ ਕਿਉਂਕਿ ਪਿਛਲੇ ਦੋ-ਤਿੰਨ ਸੀਜ਼ਨਾਂ ਦੌਰਾਨ ਫ਼ਸਲਾਂ ਦਾ ਝਾੜ ਘੱਟ ਕਰਕੇ ਪਹਿਲਾਂ ਹੀ ਕਿਸਾਨਾਂ ਦੀ ਹਾਲਤ ਕਮਜ਼ੋਰ ਬਣੀ ਹੋਈ ਹੈ। ਇਸ ਮੌਕੇ ਸਾਬਕਾ ਚੇਅਰਮੈਨ ਕੰਵਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਪ੍ਰਧਾਨ ਸ਼ਿਵਰਾਜ ਸਿੰਘ, ਆੜ੍ਹਤੀਆ ਪ੍ਰਹਿਲਾਦ, ਸਵਰਨ ਸਿੰਘ ਮਲਕ, ਹਰਪਾਲ ਸਿੰਘ ਸਾਬਕਾ ਸਰਪੰਚ ਕੋਠੇ ਪੋਨਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਾਹਿਬ ਜੀ ਬੁਨਿਆਦੀ ਸਹੂਲਤਾਂ ਤੋਂ ਸੱਖਣਾ ਗਣਪਤੀ ਅਸਟੇਟ:ਪੰਡਿਤ ਰਾਕੇਸ਼ ਸ਼ਰਮਾ



ਚੌਕ ਮਹਿਤਾ ,19 ਅਪ੍ਰੈਲ( ਬਾਬਾ ਸੁਖਵੰਤ ਸਿੰਘ ਚੰਨਣਕੇ) ਰਾਕੇਸ਼ ਸ਼ਰਮਾ ਵਾਸੀ ਗਣਪਤੀ ਸਟੇਟ, ਬਟਾਲਾ ਰੋਡ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਦੱਸਿਆ ਕਿ ਹਲਕਾ ਪੂਰਬੀ ਸਥਿਤ ਕਲੋਨੀ ਗਣਪਤੀ ਅਸਟੇਟ ਇੱਕ ਮਨਜ਼ੂਰਸ਼ੁਦਾ ਕਲੋਨੀ ਹੈ। ਪਰੰਤੂ ਇਸ ਦੇ ਬਾਵਜੂਦ ਨਗਰ ਨਿਗਮ ਵੱਲੋਂ ਇੱਥੇ ਕੋਈ ਵੀ ਬੁਨਿਆਦੀ ਸਹੂਲਤ ਪ੍ਰਦਾਨ ਨਹੀਂ ਕੀਤੀ ਗਈ। ਕਲੋਨੀ ਵਿੱਚ ਨਾ ਤਾਂ ਪੱਕੇ ਤੌਰ 'ਤੇ ਸਫਾਈ ਸੇਵਕ ਲਗਾਇਆ ਗਿਆ ਹੈ, ਨਾ ਹੀ ਸਟ੍ਰੀਟ ਲਾਈਟਾਂ ਦਾ ਢੰਗ ਦਾ ਪ੍ਰਬੰਧ ਹੈ ਅਤੇ ਨਾ ਹੀ ਸਾਫ ਪੀਣ ਵਾਲੇ ਪਾਣੀ ਦੀ ਸੁਵਿਧਾ ਹੈ। ਇਸ ਕਾਰਨ ਇਲਾਕਾ ਨਿਵਾਸੀਆਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਪੰਡਿਤ ਰਾਕੇਸ਼ ਸ਼ਰਮਾ ਅਤੇ ਸਮੂਹ ਇਲਾਕਾ ਨਿਵਾਸੀਆਂ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ,ਹਲਕਾ ਪੂਰਬੀ ਵਿਧਾਇਕ ਮੈਡਮ ਜੀਵਨਜੋਤ ਕੌਰ ਅਤੇ ਮਾਨਯੋਗ ਨਗਰ ਨਿਗਮ ਕਮਿਸ਼ਨਰ ਪਾਸੋ ਮੰਗ ਕੀਤੀ ਕਿ ਇਸ ਕਲੋਨੀ ਵਿੱਚ ਘੱਟੋ-ਘੱਟ ਦੋ ਪੱਕੇ ਸਫਾਈ ਸੇਵਕ ਤਾਇਨਾਤ ਕੀਤੇ ਜਾਣ ਅਤੇ ਸਫਾਈ ਪ੍ਰਬੰਧ ਨੂੰ ਨਿਯਮਿਤ ਕੀਤਾ ਜਾਵੇ ਅਤੇ ਗਲੀਆਂ ਵਿੱਚ ਸਟ੍ਰੀਟ ਲਾਈਟਾਂ ਲਗਾਈਆਂ ਜਾਣ ਇਸਦੇ ਨਾਲ ਸਾਫ ਪੀਣ ਵਾਲੇ ਪਾਣੀ ਦੀ ਵਿਵਸਥਾ ਕੀਤੀ ਜਾਵੇ ਉਨਾਂ ਉਮੀਦ ਕੀਤੀ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਜਲਦੀ ਕਾਰਵਾਈ ਕਰੋਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਾ ਮੁਕਤ ਪੰਜਾਬ ਸੰਕਲਪ ਸਮਾਰੋਹ ਦਾ

# ਹੋਇਆ ਸਫ਼ਲ ਆਯੋਜਨ :-ਇੰਜ ਦਲਜੀਤ ਸਿੰਘ ਕੋਹਲੀ



**ਚੌਕ ਮਹਿਤਾ, 19 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨਸ਼ਾ ਮੁਕਤੀ ਚੇਤਨਾ ਸੰਘ ਵਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਧਰਤੀ ਉਪਰ ਨਸ਼ਾ ਮੁਕਤ ਪੰਜਾਬ ਸੰਕਲਪ ਸਮਾਰੋਹ ਸ੍ਰੀ ਜਸਬੀਰ ਸਿੰਘ ਮੁੱਖ ਪ੍ਰਬੰਧਕ ਵਲੋਂ ਬਾਬਾ ਦਰਸ਼ਨ ਸਿੰਘ ਜੀ ਕੁਲੀ ਵਾਲਿਆਂ ਦੇ ਡੇਰੇ ਵਿਖੇ ਕਰਵਾਇਆ ਗਿਆ। ਇਸ ਸਮਾਰੋਹ ਵਿਚ ਸ਼ਾਮਿਲ ਹੋਣ ਲਈ ਡਾਕਟਰ ਸ੍ਰੀ ਅਨਿਲ ਪੁਰੀ ਜੀ ਦੇ ਸੱਦੇ ਉਪਰ ਇੰਜ ਸ੍ਰ ਦਲਜੀਤ ਸਿੰਘ ਕੋਹਲੀ, ਡਾ. ਨਿਰਮਲ ਸਿੰਘ ਆਨੰਦ, ਡਾ. ਆਦਰਸ਼ ਪਾਲ ਵਿਜ, ਸਾਬਕਾ ਚੇਅਰਮੈਨ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਪ੍ਰੋ. ਕੰਮਲਜੀਤ ਸਿੰਘ ਸਾਬਕਾ ਵਾਈਸ ਚਾਂਸਲਰ, ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ, ਅਤੇ ਹੋਰ ਸ਼ਖ਼ਸੀਅਤਾ ਵਲੋਂ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ ਗਈ। ਪ੍ਰੋਗਰਾਮ ਦੇ ਮੁੱਖ ਮਹਿਮਾਨ ਮਾਨਯੋਗ ਸ੍ਰੀ ਗੁਲਾਬ ਚੰਦ ਕਟਾਰੀਆ ਗਵਰਨਰ ਪੰਜਾਬ, ਮੁੱਖ ਬੁਲਾਰੇ ਡਾਕਟਰ ਕ੍ਰਿਸ਼ਨ ਗੋਪਾਲ ਜੀ, ਵਿਸ਼ੇਸ਼ ਮਹਿਮਾਨ ਸੰਤ ਤਿਰਲੋਚਨ ਦਾਸ ਜੀ ਬਟਾਲੇ ਵਾਲੇ,ਬਾਬਾ ਗੁਰਦੇਵ ਸਿੰਘ ਜੀ ਕੁਲੀ ਵਾਲੇ, ਜਸਟਿਸ ਸ੍ਰੀ ਜਗਦੀਸ਼ ਸਿੰਘ ਜੀ ਖੇਹਰ, ਸਾਬਕਾ ਚੀਫ਼ ਜਸਟਿਸ, ਸੁਪਰੀਮ ਕੋਰਟ ਆਫ ਇੰਡੀਆ, ਡਾ. ਕਰਮਜੀਤ ਸਿੰਘ, ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ,ਮਦਨਜੀਤ ਸਿੰਘ, ਨਸ਼ਾ ਮੁਕਤੀ ਸੰਘ, ਪੰਜਾਬ ਵਲੋਂ ਹਾਜ਼ਰ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਸਾਨੂੰ ਚਾਹੀਦਾ ਹੈ ਕਿ ਅਸੀਂ ਸਾਰੇ ਸਮਾਜ ਨੂੰ ਨਾਲ ਲੈਕੇ ਚਲੀਏ ਅਤੇ ਭੁੱਲੇ ਭੱਟਕੇ ਨੋਜਵਾਨ ਭੈਣ ਭਰਾਵਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਹਰ ਹੀਲਾ ਵਸੀਲਾ ਵਰਤ ਕੇ ਯੁਧ ਨਸ਼ਿਆਂ ਵਿਰੁੱਧ ਜਿਤਣ ਲਈ ਅੱਗੇ ਆਈਏ। ਇਸ ਮੌਕੇ ਹਾਜ਼ਰ ਆਈਆਂ ਸੰਗਤਾਂ ਨੇ ਆਪਣੇ ਹੱਥ ਖੜ੍ਹੇ ਕਰਕੇ ਆਪਣਾ ਸਹਿਯੋਗ ਦੇਣ ਲਈ ਵਚਨਬੱਧਤਾ ਦਰਸਾਈ। ਇੰਜ ਦਲਜੀਤ ਸਿੰਘ ਕੋਹਲੀ ਅਤੇ ਡਾ ਨਿਰਮਲ ਸਿੰਘ ਆਨੰਦ ਨੇ ਇਸ ਸਮਾਰੋਹ ਤੋਂ ਸਿਖਿਆ ਲੈ ਕੇ ਅੱਗੇ ਸਮਾਜ ਵਿਚ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਣ ਦਾ ਪ੍ਰਣ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੇਧਨੀ ਫਿਰਨੀ ਵਾਲੀ ਸੜਕ ਹੋਈ 18 ਫੁੱਟੀ, ਪੰਚਾਇਤ ਨੇ ਮੁੱਖ ਮੰਤਰੀ ਦਾ ਕੀਤਾ ਧੰਨਵਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸ ਸੁਖਵੀਰ ਸਿੰਘ ਸੁੱਖੀ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੇ ਤੇਜ਼ੀ ਫੜੀ ਹੋਈ ਹੈ। ਜਿਸ ਦੇ ਚੱਲਦਿਆਂ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਚੌੜਾ ਕਰਕੇ ਉਹਨਾਂ ਨੂੰ ਨਵਾਂ ਰੂਪ ਦਿੱਤਾ ਜਾ ਰਿਹਾ ਹੈ। ਬੇਨੜਾ ਤੋਂ ਪੇਧਨੀ ਫਿਰਨੀ ਵਾਲੀ ਸੜਕ ਨੂੰ 18 ਫੁੱਟੀ ਬਣਾ ਕੇ ਪੁਰਾਣੀ ਸੜਕ ਨੂੰ ਨਵੇਂ ਰੂਪ ਦੇ ਵਿੱਚ ਬਦਲਿਆ ਗਿਆ ਹੈ। ਇਸ ਮੌਕੇ ਸਰਪੰਚ ਮੱਖਣ ਸਿੰਘ ਧਾਲੀਵਾਲ , ਕੁਲਦੀਪ ਸਿੰਘ ਕਲੇਰ ਪੰਚ, ਸਮਾਜ ਸੇਵੀ ਚਮਕੌਰ ਸਿੰਘ ਕਲੇਰ, ਸੁਰਜੀਤ ਸਿੰਘ ਪੰਚ, ਮੱਖਣ ਸਿੰਘ ਪੰਚ, ਗਗਨਦੀਪ ਸਿੰਘ ਪੰਚ, ਕੁਲਵਿੰਦਰ ਸਿੰਘ ਪੰਚ, ਗੁਰਦੀਪ ਸਿੰਘ ਪੰਚ, ਰਾਜਵਿੰਦਰ ਸਿੰਘ ਰਾਜਾ, ਬਾਬਾ ਪਰਮਜੀਤ ਸਿੰਘ ਪੰਮਾ ਆਦਿ ਆਗੂਆਂ ਨੇ ਸੜਕ ਬਣਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਫਰੀ ਹੋਮਿਓਪੈਥਿਕ ਮੈਡੀਕਲ ਕੈਂਪ ਸ਼ਹੀਦ ਸਿੰਘਾਂ ਦੇ ਅਸਥਾਨ ਤੇ ਲਗਾਇਆ ਗਿਆ



ਧੂਰੀ (ਰਣਜੀਤ ਸਿੰਘ ਪੇਧਨੀ) ਪਿੰਡ ਅਬਦੁੱਲਾਪੁਰ (ਚੁਹਾਣੇ ਕਲਾਂ) ਧੰਨ ਧੰਨ ਬਾਬੇ ਸਿੰਘ ਸ਼ਹੀਦ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਸੁਖ ਸਾਗਰ ਚੈਰੀਟੇਬਲ ਸੁਸਾਇਟੀ ਰਜਿ ਜਗਰਾਉਂ ਵੱਲੋਂ ਫਰੀ ਹੋਮਿਓਪੈਥਿਕ ਮੈਡੀਕਲ ਕੈਂਪ ਸ਼ਹੀਦ ਸਿੰਘਾਂ ਦੇ ਅਸਥਾਨ ਤੇ ਲਗਾਇਆ ਗਿਆ। ਜਿਸ ਵਿੱਚ ਪਿੰਡ ਅਤੇ ਬਾਹਰੋਂ ਸੰਗਤਾਂ ਨੇ ਪਹੁੰਚ ਕੇ ਕੈਂਪ ਦਾ ਲਾਭ ਉਠਾਇਆ, ਡਾਕਟਰਾਂ ਵੱਲੋਂ ਹਰ ਪ੍ਰਕਾਰ ਦੀ ਜਾਣਕਾਰੀ ਦਿੱਤੀ ਗਈ ਅਤੇ ਚੱਲ ਰਹੀਆਂ ਭਿਆਨਕ ਬਿਮਾਰੀਆਂ ਦੇ ਉਪਾਅ ਬਾਰੇ ਵੀ ਦੱਸਿਆ ਗਿਆ। ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੁਲਵਿੰਦਰ ਸਿੰਘ ਜੀ ਵੱਲੋਂ ਆਈ ਡਾਕਟਰਾਂ ਦੀ ਟੀਮ ਅਤੇ ਸੁਖ ਸਾਗਰ ਚੈਰੀਟੇਬਲ ਸੁਸਾਇਟੀ ਦੇ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਕੁਲਵਿੰਦਰ ਸਿੰਘ ਜੀ ਨੇ ਕਿਹਾ ਕਿ ਉਹ ਸੁਖ ਸਾਗਰ ਚੈਰੀਟੇਬਲ ਸੁਸਾਇਟੀ ਦੇ ਮੈਂਬਰਾਂ ਦਾ ਜਿੱਥੇ ਦਿਲ ਦੀਆਂ ਗਹਿਰਾਈਆਂ ਚ ਧੰਨਵਾਦ ਕਰਦੇ ਹਨ, ਉੱਥੇ ਆਸ ਕਰਦੇ ਹਨ ਕਿ ਇਸ ਤਰ੍ਹਾਂ ਦੀ ਲੋਕ ਸੇਵਾ ਕਰਕੇ ਉਹ ਲੋਕਾਂ ਦੇ ਕੰਮ ਆਉਂਦੇ ਰਹਿਣ।ਇਸ ਮੌਕੇ ਸਮੂਹ ਧੰਨ ਧੰਨ ਬਾਬੇ ਸਿੰਘ ਸ਼ਹੀਦ ਕਮੇਟੀ ਮੈਬਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



ਆਪਣੀ ਜਨਮ ਭੂਮੀ ਪਿੰਡ ਜਲਾਲ ਉਸਮਾ ਵਿਖੇ ਪੁੱਜੇ ਉੱਤਰਾਖੰਡ ਦੇ ਮਾਨਯੋਗ ਰਾਜਪਾਲ ਲੈਫਟੀਨੈਂਟ ਜਨਰਲ ਸ, ਗੁਰਮੀਤ ਸਿੰਘ ਜੀ ਨਾਲ ਯਾਦਗਾਰੀ ਫੋਟੋ ਸੈਲਫੀ ਕਰਊਂਦੇ ਹੋਏ ਸੀਨੀਅਰ ਪੱਤਰਕਾਰ ਕੈਪਟਨ ਸਿੰਘ ਚੌਕ ਮਹਿਤਾ, ਚੇਅਰਮੈਨ ਕੰਵਰਦੀਪ ਸਿੰਘ ਮਾਨ, ਮਾਸਟਰ ਗੁਰਪ੍ਰੀਤ ਸਿੰਘ ਰੰਧਾਵਾ ਜਲਾਲ,ਪ੍ਰਧਾਨ ਜਤਿੰਦਰ ਸਿੰਘ ਰੰਧਾਵਾ ਆਦਿ। ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਸਾਨੂੰ ਆਪਣੇ ਪਿੰਡਾਂ ਵਿਚ ਵੱਧ ਤੋਂ ਵੱਧ ਮਦਦ ਕਰਨੀਂ ਚਾਹੀਦੀ ਹੈ-ਹਰਜਿੰਦਰ ਸਿੰਘ ਗਿੱਲ

# ਜਸਵੰਤ ਸਿੰਘ ਗਿੱਲ ਚੰਨਣਕੇ ਨੇ ਖਿਡਾਰੀਆਂ ਨੂੰ ਵਰਦੀਆਂ ਵੰਡੀਆਂ



**ਚੌਕ ਮਹਿਤਾ, 19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਉੱਘੇ ਸਮਾਜ ਸੇਵੀ ਸ,ਜਸਵੰਤ ਗਿੱਲ ਦੇ ਸਪੁੱਤਰ ਸਮਾਜ਼ ਸੇਵਕ ਇੰਟਰਨੈਸ਼ਨਲ ਫੁੱਟਬਾਲ ਦੇ ਸੀਨੀਅਰ ਖਿਡਾਰੀ ਸ, ਹਰਜਿੰਦਰ ਸਿੰਘ ਗਿੱਲ ਚੰਨਣਕੇ ਨੇ ਹਰ ਰੋਜ਼ ਸਵੇਰੇ ਅਤੇ ਸ਼ਾਮ ਨੂੰ ਫੁੱਟਬਾਲ ਖੇਡਣ ਵਾਲੇ ਖਿਡਾਰੀਆਂ ਨੂੰ ਵਰਦੀਆਂ ਵੰਡੀਆਂ ਗਈਆਂ। ਇਸ ਵਧੀਆ ਕਾਰਜ ਲਈ ਪਿੰਡ ਦੇ ਮੋਹਤਬਾਰਾ ਨੇ ਜਸਵੰਤ ਸਿੰਘ ਗਿੱਲ ਅਤੇ ਉਨ੍ਹਾਂ ਦੇ ਸਪੁੱਤਰ ਸਮਾਜ਼ ਸੇਵਕ ਹਰਜਿੰਦਰ ਸਿੰਘ ਗਿੱਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਭੈੜੇ ਨਸ਼ਿਆਂ ਤੋਂ ਬਚਾਉਣ ਲਈ ਗਰਾਊਂਡ ਅਤੇ ਖੇਡਾਂ ਵੱਲ ਪ੍ਰੇਰਿਤ ਕਰਨਾ ਚਾਹੀਦਾ ਹੈ। ਤਾਂ ਕਿ ਨੌਜਵਾਨ ਭੈੜੇ ਨਸ਼ਿਆਂ ਤੋਂ ਨਸ਼ਿਆਂ ਤੋਂ ਬੱਚ ਸਕਨ। ਇਸ ਮੌਕੇ ਯੂਥ ਅਕਾਲੀ ਦਲ ਦੇ ਆਗੂ ਜਸਪਿੰਦਰ ਸਿੰਘ ਹੋਵੈ, ਖਿਡਾਰੀ ਫੁੱਨਣ ਸਿੰਘ, ਸਾਬਕਾ ਮੈਂਬਰ ਜਸਵੰਤ ਸਿੰਘ ਗਿੱਲ, ਸ਼ਮਸ਼ੇਰ ਸਿੰਘ ਬੀੜੂ, ਬਿਕਰਮਜੀਤ ਸਿੰਘ ਕਾਲੂ, ਬਾਬਾ ਗੁਰਿੰਦਰ ਸਿੰਘ, ਹਰੀਸ਼ ਸ਼ਰਮਾ, ਮਨਕੀਰਤ ਸਿੰਘ ਗਿੱਲ, ਬਲਜੀਤ ਸਿੰਘ ਬੀੜੂਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਨਾ ਆਉਣ ਦੇਣਾ ਤਾਨਾਸ਼ਾਹੀ ਰਵੱਈਆ: ਪੰਮਾ ਬਾਠ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ’ਤੇ ਕਰੜੀ ਟਿੱਪਣੀ ਕਰਦਿਆਂ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕਿਹਾ ਕਿ ਸਰਕਾਰ ਆਪਣੇ ਸਿਆਸੀ ਹਿੱਤਾਂ ਲਈ ਕਨੂੰਨ ਦਾ ਦੁਰਉਯੋਗ ਕਰ ਰਹੀ ਹੈ। ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਲੰਮੇ ਸਮੇਂ ਤੋਂ ਐਨ ਐਸ ਏ ਦੇ ਆਸਰੇ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਰੱਖਣਾ ਅਤੇ ਬਾਹਰ ਆਉਣ ਤੋਂ ਰੋਕਣਾ ਸਰਕਾਰ ਦੀ ਮਨਸ਼ਾ ’ਤੇ ਸਵਾਲ ਖੜੇ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਵਿਅਕਤੀ ਨਾਲ ਅਨਿਆਇ ਨਹੀਂ, ਸਗੋਂ ਪੰਜਾਬ ਦੇ ਵੋਟਰਾਂ ਦੇ ਫੈਸਲੇ ਦੀ ਅਣਦੇਖੀ ਹੈ। ਜਦੋਂ ਕਿਸੇ ਇਲਾਕੇ ਦੇ ਲੋਕ ਵੱਡੇ ਮੈਂਡੇਟ ਨਾਲ ਆਪਣੇ ਪ੍ਰਤੀਨਿਧੀ ਨੂੰ ਚੁਣਦੇ ਹਨ, ਤਾਂ ਉਸਨੂੰ ਆਪਣੇ ਹਲਕੇ ਅਤੇ ਸੰਸਦ ਵਿੱਚ ਆਪਣੀ ਜ਼ਿੰਮੇਵਾਰੀ ਨਿਭਾਉਣ ਤੋਂ ਰੋਕਣਾ ਸੰਵਿਧਾਨਕ ਅਧਿਕਾਰਾਂ ਦੇ ਖ਼ਿਲਾਫ਼ ਹੈ। ਉਨ੍ਹਾਂ ਕਿਹਾ ਕਿ ਹਕੀਕਤ ਇਹ ਹੈ ਕਿ ਅੱਜ ਪੰਜਾਬ ਦੇ ਹਰ ਵਰਗ ਵਿਚ ਭਾਈ ਵੱਧ ਰਿਹਾ ਹੈ, ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸੋਚ ਨੂੰ ਲੋਕਾਂ ਵੱਲੋਂ ਖੁੱਲ੍ਹ ਕੇ ਸਵੀਕਾਰਿਆ ਜਾ ਰਿਹਾ ਹੈ। ਭਾਈ ਅੰਮ੍ਰਿਤਪਾਲ ਸਿੰਘ ਦੇ ਹੱਕ ਵਿੱਚ ਵਧ ਰਹੀ ਲਹਿਰ ਕਾਰਨ ਹੀ ਸਰਕਾਰ ਘਬਰਾਈ ਹੋਈ ਦਿਖਾਈ ਦੇ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਤੁਰੰਤ ਰਿਹਾਅ ਕਰਕੇ ਪੰਜਾਬ ਲਿਆਂਦਾ ਜਾਵੇ ਅਤੇ ਉਨ੍ਹਾਂ ਨੂੰ ਆਪਣੇ ਲੋਕਾਂ ਨਾਲ ਜੁੜਨ ਅਤੇ ਆਪਣੇ ਸੰਵਿਧਾਨਕ ਫਰਜ਼ ਨਿਭਾਉਣ ਦਾ ਪੂਰਾ ਮੌਕਾ ਦਿੱਤਾ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਬੇਅਦਬੀਆਂ ਖਿਲਾਫ ਕਾਨੂੰਨ ਬਣਾ ਕੇ ਮਾਨ ਸਰਕਾਰ ਸਿੱਖ ਜਗਤ ਦੇ ਲੋਕਾਂ ਦਾ ਦਿਲ ਜਿੱਤਿਆ: ਚੇਅਰਮੈਨ ਬਲਜੀਤ ਕੌਰ ਅਤੇ ਸੋਹੀ

ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਸਾਂ ਗੁਰੂਆਂ ਦੀ ਜਗਦੀ ਜੋਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸਨਮਾਨ ਵਿੱਚ ਬੇਅਦਬੀਆਂ ਦੇ ਖਿਲਾਫ ਬਿੱਲ ਪੇਸ ਕਰਕੇ ਪੂਰੇ ਸਿੱਖ ਜਗਤ ਦੇ ਲੋਕਾਂ ਦਾ ਦਿਲ ਜਿੱਤਿਆ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਬਲਜੀਤ ਕੌਰ ਪਤਨੀ ਆਪ ਆਗੂ ਅਮਰੀਕ ਸਿੰਘ ਸੋਹੀ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਧਾਰਮਿਕ ਹੋਵੇਗੀ, ਜਿਸ ਨਾਲ ਅਜਿਹੀਆਂ ਘਟਨਾਵਾਂ ’ਤੇ ਰੋਕ ਸਾਂਝ, ਭਾਈਚਾਰੇ ਅਤੇ ਸ਼ਾਂਤੀ ਨੂੰ ਬਰਕਰਾਰ ਰੱਖਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਇਹ ਬਿੱਲ ਉਸੇ ਦਿਸ਼ਾ ਵਿੱਚ ਇੱਕ ਮਜ਼ਬੂਤ ਕਦਮ ਹੈ। ਆਗੂਆਂ ਨੇ ਕਿਹਾ ਕਿ ਇਹ ਕਾਨੂੰਨ, ਸੂਬੇ ਵਿੱਚ ਧਾਰਮਿਕ ਅਦਬ ਅਤੇ ਆਪਸੀ ਸਨਮਾਨ ਨੂੰ ਹੋਰ ਮਜ਼ਬੂਤ ਕਰੇਗਾ।ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਸਰਕਾਰ ਦਾ ਇਹ ਬਹੁਤ ਹੀ ਸਲਾਂਘਾਯੋਗ ਯੋਗ ਕਦਮ ਹੈ ਜਿਸ ਦੇ ਨਾਲ ਵੱਖ-ਵੱਖ ਤਰਾਂ ਦੀਆਂ ਹੋ ਰਹੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਠੱਲ ਪਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸੰਬੰਧੀ ਸੋਧ ਬਿੱਲ ਪਾਸ ਕਰਨਾ-ਇਤਿਹਾਸਕ ਕਦਮ : ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ

**ਚੌਕ ਮਹਿਤਾ, 19 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਨੂੰ ਰੋਕਣ ਲਈ ਵਿਧਾਨ ਸਭਾ ਵਿੱਚ ਸੋਧ ਬਿੱਲ ਪਾਸ ਕਰਨਾ ਬਹੁਤ ਹੀ ਇਤਿਹਾਸਕ ਅਤੇ ਸ਼ਲਾਘਾਯੋਗ ਕਦਮ ਹੈ। ਇਹ ਪ੍ਰਗਟਾਵਾ ਕਰਦਿਆਂ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੇ ਜੀਵਨ ਦਾ ਕੇਂਦਰ ਹਨ ਅਤੇ ਉਨ੍ਹਾਂ ਦੀ ਬੇਅਦਬੀ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਿਆਂਦਾ ਗਿਆ ਇਹ ਸੋਧ ਬਿੱਲ ਸਿੱਖ ਭਾਵਨਾਵਾਂ ਦੀ ਕਦਰ ਕਰਦਾ ਹੋਇਆ ਇੱਕ ਮਜ਼ਬੂਤ ਸੰਦੇਸ਼ ਦਿੰਦਾ ਹੈ ਕਿ ਭਵਿੱਖ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਕਰਨ ਵਾਲਿਆਂ ਖ਼ਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਹ ਫੈਸਲਾ ਨਾ ਸਿਰਫ਼ ਪੰਜਾਬ, ਸਗੋਂ ਦੇਸ਼-ਵਿਦੇਸ਼ ਵਿੱਚ ਵੱਸਦੀ ਸਮੂਹ ਸਿੱਖ ਸੰਗਤ ਲਈ ਵਿਸ਼ਵਾਸ ਦਾ ਕਾਰਨ ਬਣਿਆ ਹੈ।ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਧਾਰਮਿਕ ਭਾਵਨਾਵਾਂ ਦੀ ਰੱਖਿਆ ਕਰਨਾ ਹਰ ਸਰਕਾਰ ਦੀ ਜ਼ਿੰਮੇਵਾਰੀ ਹੁੰਦੀ ਹੈ ਅਤੇ ਪੰਜਾਬ ਸਰਕਾਰ ਨੇ ਇਹ ਕਦਮ ਚੁੱਕ ਕੇ ਆਪਣੀ ਜ਼ਿੰਮੇਵਾਰੀ ਨੂੰ ਬਖੂਬੀ ਨਿਭਾਇਆ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਕਾਨੂੰਨ ਨਾਲ ਅਜਿਹੀਆਂ ਦੁਖਦਾਈ ਘਟਨਾਵਾਂ ’ਤੇ ਰੋਕ ਲੱਗੇਗੀ ਅਤੇ ਲੋਕਾਂ ਵਿੱਚ ਕਾਨੂੰਨ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ। ਅੰਤ ਵਿੱਚ ਉਨ੍ਹਾਂ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਧਾਰਮਿਕ ਅਸਥਾਨਾਂ ਦੀ ਮਰਯਾਦਾ ਅਤੇ ਪਵਿੱਤਰਤਾ ਬਣਾਈ ਰੱਖਣ ਲਈ ਇਸ ਤਰ੍ਹਾਂ ਦੇ ਕਦਮ ਸਮੇਂ ਦੀ ਲੋੜ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 1984 ਸਿੱਖ ਕਤਲੇਆਮ ਪਿੰਡ ਹੋਂਦ ਚਿੱਲੜ ਰਿਵਾੜੀ ਸਿਰਸਾ ਗੁੜਗਾਂਉ ਤੋਂ ਕਈ ਪੀੜਤ ਪ੍ਰੀਵਾਰ 'ਹੋਂਦ ਚਿੱਲੜ ਸਿੱਖ ਇਨਸਾਫ ਕਮੇਟੀ' ਦੇ ਮੁੱਖ ਸੇਵਾਦਾਰ ਭਾਈ ਦਰਸ਼ਨ ਸਿੰਘ ਘੋਲੀਆ ਦੀ ਅਗਵਾਈ ਵਿੱਚ ਅੱਜ 19 ਅਪ੍ਰੈਲ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕਰਨ ਵਾਸਤੇ ਉਨਾਂ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜੇ







ਆਵਾਜ਼ਿ ਕੌਮ AWAZE QAUM International Newspaper & WEB TV

1984 ਸਿੱਖ ਕਤਲੇਆਮ ਪਿੰਡ ਹੋਂਦ ਚਿੱਲੜ ਰਿਵਾੜੀ ਸਿਰਸਾ ਗੁੜਗਾਂਉ ਤੋਂ ਕਈ ਪੀੜਤ ਪ੍ਰੀਵਾਰ 'ਹੋਂਦ ਚਿੱਲੜ ਸਿੱਖ ਇਨਸਾਫ ਕਮੇਟੀ' ਦੇ ਮੁੱਖ ਸੇਵਾਦਾਰ ਭਾਈ ਦਰਸ਼ਨ ਸਿੰਘ ਘੋਲੀਆ ਦੀ ਅਗਵਾਈ ਵਿੱਚ ਅੱਜ 19 ਅਪ੍ਰੈਲ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕਰਨ ਵਾਸਤੇ ਉਨਾਂ ਦੇ ਮੁੱਖ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜੇ ਅਤੇ ਆਪਣੀਆਂ ਮੁਸ਼ਿਕਲਾਂ ਦਾ ਇੱਕ ਮੰਗ ਪੱਤਰ ਜਥੇਦਾਰ ਦਾਦੂਵਾਲ ਜੀ ਨੂੰ ਸੌਂਪਿਆ ਜਥੇਦਾਰ ਦਾਦੂਵਾਲ ਜੀ ਨੇ ਜਲਦੀ ਹੀ ਸ੍ਰੀ ਨਾਇਬ ਸਿੰਘ ਸੈਣੀ ਜੀ ਮੁੱਖ ਮੰਤਰੀ ਹਰਿਆਣਾ ਨਾਲ ਮੁਲਾਕਾਤ ਕਰਕੇ ਪੀੜਤ ਪ੍ਰੀਵਾਰਾਂ ਦੀਆਂ ਮੁਸ਼ਿਕਲਾਂ ਦੂਰ ਕਰਵਾਉਣ ਦਾ ਭਰੋਸਾ ਦਿੱਤਾ ਹਰਿਆਣਾ ਸਰਕਾਰ ਨੇ ਪਿਛਲੇ ਦਿਨੀ 1984 ਸਿੱਖ ਕਤਲੇਆਮ ਦੇ ਪੀੜਤ 121 ਪ੍ਰੀਵਾਰਾਂ ਨੂੰ ਨੌਕਰੀ ਦੇਣ ਦਾ ਐਲਾਨ ਕੀਤਾ ਸੀ ਜਿਸ ਵਿੱਚ 34 ਪ੍ਰੀਵਾਰਾਂ ਨੂੰ 24 ਨਵੰਬਰ 2025 ਨੂੰ ਪੰਚਕੂਲਾ ਵਿਖੇ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਜੀ ਵੱਲੋਂ ਨਿਯੁੱਕਤੀ ਪੱਤਰ ਦਿੱਤੇ ਗਏ ਸਨ ਇਸ ਤੋਂ ਪਹਿਲਾਂ ਟੀਪੀ ਗਰਗ ਕਮਿਸ਼ਨ ਦੀ ਰਿਪੋਰਟ ਤੇ ਪੀੜਤ ਪ੍ਰੀਵਾਰਾਂ ਨੂੰ 22 ਕਰੋੜ 60 ਲੱਖ ਰੁਪਏ ਦਾ ਮੁਆਵਜ਼ਾ ਹਰਿਆਣਾ ਸਰਕਾਰ ਵੱਲੋਂ ਦਿੱਤਾ ਗਿਆ ਸੀ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243